ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/


https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 2 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੯ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਜੀ ਕਾਉਂਕੇ ਨੂੰ

# ‘ਫ਼ਖਰੇ ਕੌਮ’ ਅਤੇ ‘ਪੰਥ ਰਤਨ’ ਦਾ ਖਿਤਾਬ ਦੇਣ ਦੀ ਮੰਗ ਹੋਰ ਤੇਜ਼



ਸਿੰਘ ਸਾਹਿਬ ਸ਼ਹੀਦ ਭਾਈ ਗੁਰਦੇਵ ਸਿੰਘ ਜੀ ਕਾਉਂਕੇ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

**ਅੰਮ੍ਰਿਤਸਰ /ਚੰਡੀਗੜ੍ਹ, 1 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ, ਮਹਾਨ ਪੰਥਕ ਆਗੂ ਅਤੇ ਸ਼ਹੀਦ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਜੀ ਕਾਉਂਕੇ ਦੀ ਸ਼ਹਾਦਤ ਨੂੰ ਯਾਦ ਕਰਦਿਆਂ, ਇੰਟਰਨੈਸ਼ਨਲ ਪੰਥਕ ਦਲ ਵੱਲੋਂ ਉਨ੍ਹਾਂ ਨੂੰ “ਫ਼ਖਰੇ ਕੌਮ” ਅਤੇ “ਪੰਥ ਰਤਨ” ਦੇ ਸਨਮਾਨ ਨਾਲ ਨਿਵਾਜਣ ਦੀ ਮੰਗ ਇੱਕ ਵਾਰ ਫਿਰ ਜ਼ੋਰਸ਼ੋਰ ਨਾਲ ਉੱਠਾਈ ਗਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV


ਜ਼ਿਕਰਯੋਗ ਹੈ ਕਿ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਜੀ ਕਾਉਂਕੇ ਨੂੰ 1 ਜਨਵਰੀ 1993 ਨੂੰ ਪੰਜਾਬ ਪੁਲਿਸ ਵੱਲੋਂ ਗ੍ਰਿਫ਼ਤਾਰੀ ਦੌਰਾਨ ਅਣਮਨੁੱਖੀ ਤਸ਼ੱਦਦ ਕਰਕੇ ਸ਼ਹੀਦ ਕਰ ਦਿੱਤਾ ਗਿਆ ਸੀ। ਉਨ੍ਹਾਂ ਦੀ ਸ਼ਹਾਦਤ ਸਿੱਖ ਇਤਿਹਾਸ ਦਾ ਇੱਕ ਦਰਦਨਾਕ ਪਰ ਗੌਰਵਸ਼ਾਲੀ ਅਧਿਆਇ ਮੰਨੀ ਜਾਂਦੀ ਹੈ। ਭਾਈ ਕਾਉਂਕੇ ਨੇ ਆਪਣੀ ਜ਼ਿੰਦਗੀ ਪੂਰੀ ਤਰ੍ਹਾਂ ਪੰਥ ਅਤੇ ਕੌਮ ਦੀ ਸੇਵਾ ਲਈ ਸਮਰਪਿਤ ਕਰ ਦਿੱਤੀ ਸੀ, ਜਿਸ ਨੂੰ ਸਮੁੱਚੀ ਸਿੱਖ ਕੌਮ ਅੱਜ ਵੀ ਸਤਿਕਾਰ ਨਾਲ ਯਾਦ ਕਰਦੀ ਹੈ।

ਇਸ ਸਬੰਧ ਵਿੱਚ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਪਰਮਾਤਮਾ ਅੱਗੇ ਅਰਦਾਸ ਬੇਨਤੀ ਕਰਦਿਆਂ ਕਿਹਾ ਗਿਆ ਹੈ ਕਿ ਐਸੀ ਵਿਲੱਖਣ ਤੇ ਕੁਰਬਾਨੀ ਭਰੀ ਸ਼ਖ਼ਸੀਅਤ ਨੂੰ ਕੌਮੀ ਪੱਧਰ ‘ਤੇ ਯੋਗ ਸਨਮਾਨ ਮਿਲਣਾ ਚਾਹੀਦਾ ਹੈ ਅਤੇ ਸਮੁੱਚੇ ਖਾਲਸਾ ਪੰਥ ਨੂੰ ਇਹ ਸੁਮੱਤ ਬਖ਼ਸ਼ੀ ਜਾਵੇ ਕਿ ਉਹ ਭਾਈ ਗੁਰਦੇਵ ਸਿੰਘ ਜੀ ਕਾਉਂਕੇ ਨੂੰ “ਫ਼ਖਰੇ ਕੌਮ” ਅਤੇ “ਪੰਥ ਰਤਨ” ਵਰਗੇ ਉੱਚ ਸਨਮਾਨ ਪ੍ਰਦਾਨ ਕਰੇ।

ਇਹ ਬਿਆਨ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਵੱਲੋਂ ਆਪਣੇ ਸੋਸ਼ਲ ਮੀਡੀਆ ਮਾਧਿਅਮਾਂ ਰਾਹੀਂ ਜਾਰੀ ਕੀਤਾ ਗਿਆ। ਉਨ੍ਹਾਂ ਕਿਹਾ ਕਿ ਭਾਈ ਗੁਰਦੇਵ ਸਿੰਘ ਜੀ ਕਾਉਂਕੇ ਨੂੰ ਇਹ ਖਿਤਾਬ ਦਿੱਤੇ ਜਾਣ ਦੀ ਮੰਗ ਕੋਈ ਇਕ ਵਿਅਕਤੀ ਜਾਂ ਸੰਸਥਾ ਨਹੀਂ, ਸਗੋਂ ਸਮੁੱਚਾ ਖਾਲਸਾ ਪੰਥ ਕਰ ਰਿਹਾ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ ਇਸ ਮਾਮਲੇ ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਪਹਿਲਾਂ ਵੀ ਕਈ ਵਾਰ ਮੈਮੋਰੰਡਮ ਸੌਂਪੇ ਜਾ ਚੁੱਕੇ ਹਨ, ਪਰ ਦੁੱਖ ਦੀ ਗੱਲ ਹੈ ਕਿ ਹਾਲੇ ਤੱਕ ਇਸ ਸਬੰਧੀ ਕੋਈ ਠੋਸ ਫ਼ੈਸਲਾ ਜਾਂ ਨਤੀਜਾ ਸਾਹਮਣੇ ਨਹੀਂ ਆਇਆ।

ਪੰਥਕ ਹਲਕਿਆਂ ਦਾ ਮੰਨਣਾ ਹੈ ਕਿ ਭਾਈ ਗੁਰਦੇਵ ਸਿੰਘ ਜੀ ਕਾਉਂਕੇ ਵਰਗੇ ਸ਼ਹੀਦਾਂ ਨੂੰ ਉੱਚ ਪੰਥਕ ਸਨਮਾਨ ਦੇ ਕੇ ਨਾ ਸਿਰਫ਼ ਉਨ੍ਹਾਂ ਦੀ ਕੁਰਬਾਨੀ ਨੂੰ ਸਲਾਮ ਕੀਤਾ ਜਾ ਸਕਦਾ ਹੈ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਕੌਮ ਅਤੇ ਪੰਥ ਲਈ ਸੱਚ ਤੇ ਅਡੋਲਤਾ ਦੇ ਰਾਹ ‘ਤੇ ਤੁਰਨ ਦੀ ਪ੍ਰੇਰਣਾ ਮਿਲੇਗੀ।



ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ




## 150 ਸਾਲ ਪੁਰਾਣੀ ਇਤਿਹਾਸਕ ਚਰਚ ’ਚ ਲੱਗੀ ਭਿਆਨਕ ਅੱਗ, ਟਾਵਰ ਡਿੱਗਣ ਕਾਰਨ ਮਚੀ ਭਾਜੜ

**ਐਮਸਟਰਡਮ (ਨੀਦਰਲੈਂਡ), 1 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਨਵੇਂ ਸਾਲ ਦੇ ਜਸ਼ਨਾਂ ਦੌਰਾਨ ਨੀਦਰਲੈਂਡ ਦੀ ਰਾਜਧਾਨੀ ਐਮਸਟਰਡਮ ਤੋਂ ਇੱਕ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ। ਇੱਥੋਂ ਦੇ ਪ੍ਰਸਿੱਧ ਅਤੇ 150 ਸਾਲ ਪੁਰਾਣੇ ਵੋਂਡਲਕਰਕ ਚਰਚ ਵਿੱਚ ਭਿਆਨਕ ਅੱਗ ਲੱਗ ਗਈ, ਜਿਸ ਕਾਰਨ ਇਤਿਹਾਸਕ ਇਮਾਰਤ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ। ਰਿਪੋਰਟਾਂ ਅਨੁਸਾਰ, ਇਹ ਅੱਗ ਵੀਰਵਾਰ ਰਾਤ (1 ਜਨਵਰੀ, 2026) ਨੂੰ ਸਥਾਨਕ ਸਮੇਂ ਅਨੁਸਾਰ ਤੜਕੇ 2:30 ਵਜੇ ਲੱਗੀ। ਅੱਗ ਸਭ ਤੋਂ ਪਹਿਲਾਂ ਚਰਚ ਦੀ ਛੱਤ ’ਤੇ ਲੱਗੀ ਅਤੇ ਤੇਜ਼ ਹਵਾਵਾਂ ਕਾਰਨ ਦੇਖਦੇ ਹੀ ਦੇਖਦੇ ਪੂਰੀ ਇਮਾਰਤ ਵਿੱਚ ਫੈਲ ਗਈ। ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਹੀਆਂ ਵੀਡੀਓਜ਼ ਵਿੱਚ ਅੱਗ ਦੀਆਂ ਉੱਚੀਆਂ ਲਪਟਾਂ ਨੂੰ ਚਰਚ ਨੂੰ ਘੇਰਦੇ ਹੋਏ ਸਾਫ਼ ਦੇਖਿਆ ਜਾ ਸਕਦਾ ਹੈ। ਅੱਗ ਇੰਨੀ ਜ਼ਬਰਦਸਤ ਸੀ ਕਿ ਚਰਚ ਦਾ ਟਾਵਰ ਆਪਣੀ ਥਾਂ ਛੱਡ ਕੇ ਇਮਾਰਤ ਦੇ ਵਿਚਕਾਰ ਜਾ ਡਿੱਗਿਆ, ਜਿਸ ਨਾਲ ਅੱਗ ਹੋਰ ਹਿੱਸਿਆਂ ਵਿੱਚ ਵੀ ਫੈਲ ਗਈ। ਫਾਇਰ ਡਿਪਾਰਟਮੈਂਟ ਦੇ ਬੁਲਾਰੇ ਨੇ ਦੱਸਿਆ ਕਿ ਫਾਇਰਫਾਈਟਰਜ਼ ਨੇ ਸਾਰੀ ਰਾਤ ਅੱਗ ’ਤੇ ਕਾਬੂ ਪਾਉਣ ਅਤੇ ਇਮਾਰਤ ਦੇ ਬਾਕੀ ਬਚੇ ਹਿੱਸੇ ਨੂੰ ਬਚਾਉਣ ਲਈ ਜੱਦੋ-ਜਹਿਦ ਕੀਤੀ, ਪਰ ਅੱਗ ਬਹੁਤ ਤੇਜ਼ੀ ਨਾਲ ਫੈਲ ਰਹੀ ਸੀ। ਸੁਰੱਖਿਆ ਦੇ ਮੱਦੇਨਜ਼ਰ, ਐਮਸਟਰਡਮ ਦੀ ਮੇਅਰ ਫੇਮਕੇ ਹਾਲਸੇਮਾ ਨੇ ਚਰਚ ਦੇ ਆਲੇ-ਦੁਆਲੇ ਦੇ ਕਈ ਘਰਾਂ ਨੂੰ ਖਾਲੀ ਕਰਵਾਉਣ ਦੇ ਹੁਕਮ ਦਿੱਤੇ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਸਰੂਪਾਂ ਦੇ ਮਾਮਲੇ ’ਚ ਵੱਡੀ ਕਾਰਵਾਈ

# ਸੀ.ਏ. ਸਤਿੰਦਰ ਸਿੰਘ ਕੋਹਲੀ ਗ੍ਰਿਫਤਾਰ

**ਚੰਡੀਗੜ੍ਹ, 1 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ ਵਿਚ ਪੰਜਾਬ ਪੁਲਸ ਨੇ ਵੱਡੀ ਕਾਰਵਾਈ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਸੀ. ਏ. ਸਤਿੰਦਰ ਸਿੰਘ ਕੋਹਲੀ ਨੂੰ ਗ੍ਰਿਫਤਾਰ ਕਰ ਲਿਆ ਹੈ। ਕੋਹਲੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਡਿਟ ਨਾਲ ਸੰਬੰਧਤ ਕੰਮ ਵੀ ਦੇਖਦੇ ਰਹੇ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਗਬਨ ਮਾਮਲੇ ਵਿਚ ਪੁਲਸ ਵੱਲੋਂ ਇਹ ਪਹਿਲੀ ਗ੍ਰਿਫ਼ਤਾਰੀ ਕੀਤੀ ਗਈ ਹੈ। ਇਥੇ ਇਹ ਖਾਸ ਤੌਰ ’ਤੇ ਦੱਸਣਯੋਗ ਹੈ ਕਿ ਅੰਮ੍ਰਿਤਸਰ ਪੁਲਸ ਨੇ ਸਤਿੰਦਰ ਸਿੰਘ ਸਮੇਤ 16 ਹੋਰ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਸਤਿੰਦਰ ਸਿੰਘ ਕੋਹਲੀ ਸਾਬਕਾ ਉਪ ਮੁੱਖ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਨਜ਼ਦੀਕੀ ਵੀ ਰਹੇ ਹਨ। ਸੂਤਰਾਂ ਮੁਤਾਬਕ ਸਤਿੰਦਰ ਸਿੰਘ ਕੋਹਲੀ ਦੀ ਗ੍ਰਿਫਤਾਰੀ 328 ਪਾਵਨ ਸਰੂਪ ਮਾਮਲੇ ਵਿਚ ਹੋਈ ਹੈ। ਕੋਹਲੀ ਦੀ ਗ੍ਰਿਫਤਾਰੀ ਚੰਡੀਗੜ੍ਹ ਦੇ ਇੱਕ ਹੋਟਲ ਤੋਂ ਕੀਤੀ ਗਈ ਹੈ। ਹੁਣ ਜਦੋਂ ਇਸ ਮਾਮਲੇ ਵਿਚ ਪਹਿਲੀ ਗ੍ਰਿਫ਼ਤਾਰੀ ਹੋਈ ਹੈ ਤਾਂ ਉਮੀਦ ਹੈ ਕਿ ਜਾਂਚ ਤੋਂ ਬਾਅਦ ਇਸ ਮਾਮਲੇ ਵਿਚ ਹੋਰ ਅਹਿਮ ਖੁਲਾਸੇ ਹੋ ਸਕਦੇ ਹਨ। ਪੁਲਸ ਵੱਲੋਂ ਐੱਸ. ਆਈ. ਟੀ. ਦਾ ਗਠਨ ਕੀਤਾ ਗਿਆ ਹੈ ਅਤੇ ਹੁਣ ਪੂਰੇ ਮਾਮਲੇ ਦੀ ਪੁਲਸ ਵੱਲੋਂ ਤੇਜ਼ੀ ਨਾਲ ਜਾਂਚ ਕੀਤੀ ਜਾ ਰਹੀ ਹੈ।



ਦੱਸ ਦੇਈਏ ਕਿ ਕੋਹਲੀ ਦੀ ਕੰਪਨੀ ਐਸਐਸ ਕੋਹਲੀ ਐਂਡ ਐਸੋਸੀਏਟ ਫਰਮ ਨੂੰ 2009 ’ਚ ਐਸਜੀਪੀਸੀ ਦੇ ਅੰਦਰੂਨੀ ਆਡਿਟ ਅਤੇ ਖਾਤਿਆਂ ਨੂੰ ਕੰਪਿਊਟਰਾਈਜ਼ ਕਰਨ ਅਤੇ ਉਸਦਾ ਕੰਮ ਦੇਖਣ ਲਈ 3.5 ਲੱਖ ਰੁਪਏ ਮਹੀਨੇ ਵਜੋਂ ਦਿੱਤੇ ਜਾਂਦੇ ਸਨ। ਜ਼ਿਕਰਯੋਗ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਦੁਆਰਾ ਬਣਾਈ ਗਈ ਜਾਂਚ ਕਮੇਟੀ ਦੀ ਰਿਪੋਰਟ ’ਚ ਪਾਇਆ ਗਿਆ ਸੀ ਕਿ ਐਸਐਸ ਕੋਹਲੀ ਐਂਡ ਐਸੋਸੀਏਟ ਫਰਮ ਨੇ ਇਸ ਸਬੰਧੀ ਕੇਵਲ ਇੱਕ ਕੰਮ ਕੀਤਾ ਸੀ, ਜਦ ਕਿ ਉਸ ਨੂੰ ਚਾਰ ਕੰਮਾਂ ਲਈ ਪੈਸੇ ਅਦਾ ਕੀਤੇ ਗਏ ਸਨ।

ਇਸ ਕਰਕੇ 2020 ’ਚ ਸੁਪਰੀਮ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਜੀ ਵੱਲੋਂ ਗਠਿਤ ਕੀਤੀ ਗਈ ਜਾਂਚ ਕਮੇਟੀ ਨੇ ਉਨ੍ਹਾਂ ਦੀਆਂ ਸੇਵਾਵਾਂ ਖਤਮ ਕਰ ਦਿੱਤੀਆਂ ਸਨ ਅਤੇ ਨਾਲ ਹੀ ਫੈਸਲਾ ਦਿੱਤਾ ਸੀ ਕਿ ਉਨ੍ਹਾਂ ਵੱਲੋਂ ਮਸੂਲੀ ਕੀਤੀ ਗਈ ਭੁਗਤਾਨ ’ਚੋਂ ਕੁੱਲ 75 ਪ੍ਰਤੀਸ਼ਤ ਰਾਸ਼ੀ ਵਾਪਸ ਕਰਨੀ ਪਵੇਗੀ।

### 328 ਸਰੂਪਾਂ ਦਾ ਮਾਮਲਾ ਕੀ ਹੈ ?

ਗੁਰੂ ਗ੍ਰੰਥ ਸਾਹਿਬ ਦੇ 328 ਸਰੂਪਾਂ ਦੇ ਗੁੰਮ ਹੋਣ ਦਾ ਮਾਮਲਾ ਸਾਲ 2020 ਵਿੱਚ ਪਹਿਲੀ ਵਾਰ ਲੋਕਾਂ ਸਾਹਮਣੇ ਆਇਆ। ਹਾਲਾਂਕਿ ਜਦੋਂ ਇਹ ਮਾਮਲਾ ਸਾਹਮਣੇ ਆਇਆ ਸੀ ਉਦੋਂ 267 ਗੁਰੂ ਗ੍ਰੰਥ ਸਾਹਿਬ ਦੇ ਸਰੂਪ ਲਾਪਤਾ (ਜਿਹਨਾਂ ਦਾ ਕੋਈ ਰਿਕਾਰਡ ਨਹੀਂ) ਹੋਣ ਦੀ ਗੱਲ ਕੀਤੀ ਗਈ ਸੀ ਪਰ ਬਾਅਦ ਵਿੱਚ ਅਕਾਲ ਤਖ਼ਤ ਵੱਲੋਂ ਬਣਾਈ ਗਈ ਜਾਂਚ ਕਮੇਟੀ ਨੇ ਲਾਪਤਾ (ਜਿਹਨਾਂ ਦਾ ਕੋਈ ਰਿਕਾਰਡ ਨਹੀਂ) ਹੋਏ ਸਰੂਪਾਂ ਦੀ ਗਿਣਤੀ 328 ਦੱਸੀ। ਇਸ ’ਚ ਸ਼੍ਰੋਮਣੀ ਕਮੇਟੀ ਦੇ 16 ਸਾਬਕਾ ਕਰਮਚਾਰੀਆਂ ਨੂੰ ਨਾਮਜ਼ਦ ਕੀਤਾ ਗਿਆ, ਜਿਨ੍ਹਾਂ ਵਿੱਚ ਸਾਬਕਾ ਮੁੱਖ ਸਕੱਤਰ ਰੂਪ ਸਿੰਘ, ਸਾਬਕਾ ਸਕੱਤਰ ਮਨਜੀਤ ਸਿੰਘ, ਗੁਰਬਚਨ ਸਿੰਘ, ਸਤਿੰਦਰ ਸਿੰਘ, ਨਿਸ਼ਾਨ ਸਿੰਘ, ਪਰਮਜੀਤ ਸਿੰਘ, ਗੁਰਮੁਖ ਸਿੰਘ, ਜੁਝਾਰ ਸਿੰਘ, ਬਾਜ ਸਿੰਘ, ਦਲਬੀਰ ਸਿੰਘ, ਕਮਲਜੀਤ ਸਿੰਘ, ਕੁਲਵੰਤ ਸਿੰਘ, ਜਸਪ੍ਰੀਤ ਸਿੰਘ, ਗੁਰਬਚਨ ਸਿੰਘ, ਸਤਿੰਦਰ ਸਿੰਘ ਅਤੇ ਅਮਰਜੀਤ ਸਿੰਘ ਸ਼ਾਮਲ ਹਨ। ਐੱਫਆਈਆਰ ਵਿੱਚ ਬੇਅਦਬੀ (295-1), ਧੋਖਾਧੜੀ ਅਤੇ ਸਾਜ਼ਿਸ਼ ਵਰਗੀਆਂ ਧਰਾਵਾਂ ਨੂੰ ਸ਼ਾਮਲ ਕੀਤਾ ਗਿਆ।


### ਸਤਿੰਦਰ ਸਿੰਘ ਕੋਹਲੀ ਲਾਪਤਾ ਹੋਏ ਪਾਵਨ ਸਰੂਪਾਂ ਦੇ ਮਾਮਲੇ ’ਚ ਮੁੱਖ ਮੁਲਜ਼ਮ ਹਨ : ਧਾਲੀਵਾਲ

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ ’ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਸੀ. ਏ. ਸਤਿੰਦਰ ਸਿੰਘ ਕੋਹਲੀ ਦੀ ਗ੍ਰਿਫ਼ਤਾਰੀ ’ਤੇ ਸਾਬਕਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਧਾਲੀਵਾਲ ਨੇ ਕਿਹਾ ਕਿ ਪਿਛਲੇ 3 ਸਾਲਾਂ ਤੋਂ ਸਿੱਖ ਸੰਗਤਾਂ ਵਲੋਂ ਪਾਵਨ ਸਰੂਪਾਂ ਦੇ ਮਾਮਲੇ ਨੂੰ ਲੈ ਕੇ ਕਾਰਵਾਈ ਦੀ ਉਡੀਕ ਕੀਤੀ ਜਾ ਰਹੀ ਸੀ ਅਤੇ ਅੱਜ ਪੰਜਾਬ ਪੁਲਸ ਵਲੋਂ ਇਸ ਮਾਮਲੇ ਸਬੰਧੀ ਪਹਿਲੀ ਗ੍ਰਿਫ਼ਤਾਰੀ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਤਹਿਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਅਦਾਲਤ ਦੇ ਨਿਰਦੇਸ਼ਾਂ ’ਤੇ ਲਾਪਤਾ ਪਾਵਨ ਸਰੂਪਾਂ ਦੇ ਮਾਮਲੇ ’ਚ ਸਿੱਟ ਬਣਾਈ ਗਈ ਸੀ, ਜਿਸ ਨੇ ਅੱਜ ਉਸ ਵੇਲੇ ਵੱਡੀ ਸਫ਼ਲਤਾ ਹਾਸਲ ਕੀਤੀ, ਜਦੋਂ ਚੰਡੀਗੜ੍ਹ ਦੇ ਇਕ ਹੋਟਲ ’ਚੋਂ ਸੀ. ਏ. ਸਤਿੰਦਰ ਸਿੰਘ ਕੋਹਲੀ ਨੂੰ ਗ੍ਰਿਫ਼ਤਾਰ ਕੀਤਾ ਗਿਆ। ਧਾਲੀਵਾਲ ਨੇ ਕਿਹਾ ਕਿ ਅਜਿਹਾ ਮੰਨਿਆ ਜਾਂਦਾ ਹੈ ਕਿ ਸਤਿੰਦਰ ਸਿੰਘ ਕੋਹਲੀ ਲਾਪਤਾ ਹੋਏ ਪਾਵਨ ਸਰੂਪਾਂ ਦੇ ਮਾਮਲੇ ’ਚ ਮੁੱਖ ਮੁਲਜ਼ਮ ਹਨ। ਲਾਪਤਾ ਪਾਵਨ ਸਰੂਪਾਂ ਦੀ ਜਾਂਚ ਲਈ ਸਿੱਖ ਸੰਗਤਾਂ ਵਲੋਂ ਪਿਛਲੇ ਸਾਲਾਂ ਤੋਂ ਧਰਨੇ ਵੀ ਲਾਏ ਗਏ ਸਨ ਅਤੇ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਸੀ। ਉਨ੍ਹਾਂ ਕਿਹਾ ਕਿ ਅੱਜ ਇਸ ਮਾਮਲੇ ’ਚ ਪਹਿਲੀ ਗ੍ਰਿਫ਼ਤਾਰੀ ਹੋਈ ਹੈ। ਧਾਲੀਵਾਲ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਨੂੰ ਲਾਪਤਾ ਕਰਨ ਵਾਲੇ ਸਾਰੇ ਦੋਸ਼ੀ ਜੇਲ੍ਹ ਦੀਆਂ ਸਲਾਖ਼ਾਂ ਪਿੱਛੇ ਜਾਣਗੇ। ਉਨ੍ਹਾਂ ਕਿਹਾ ਕਿ ਮੈਂ ਸਿੱਖ ਸੰਗਤਾਂ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਇਸ ਮਾਮਲੇ ਦੇ ਸਾਰੇ 16 ਦੋਸ਼ੀਆਂ ਨੂੰ ਫੜ੍ਹ ਕੇ ਜੇਲ੍ਹ ਦੀਆਂ ਸਲਾਖ਼ਾਂ ਪਿੱਛੇ ਭੇਜਿਆ ਜਾਵੇਗਾ।



ਸ਼ਹੀਦ ਬਾਬਾ ਸੁਖਚੇਤ ਸਿੰਘ ਜੀ ਦੇ ਸ਼ਹੀਦੀ ਅਸਥਾਨਾਂ 'ਤੇ ਸਵ: ਸ. ਨਾਜਰ ਸਿੰਘ ਜੀ ਦੀ ਯਾਦ ਨੂੰ ਸਮਰਪਿਤ
59ਵਾਂ ਸਲਾਨਾ ਛਿੰਝ ਮੇਲਾ ਢੰਡੋਵਾਲ
ਪਹਿਲਵਾਨ ਸੰਤ ਰਾਮ ਜੀ ਡੇਰਾ ਮਾਤਾ ਪੰਜਾਬ ਕੌਰ
14 ਜਨਵਰੀ 2026 ਬੁੱਧਵਾਰ
ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)
ਪਟਕੇ ਦੀ ਕੁਸ਼ਤੀ
VS
VS
ਭੁਪਿੰਦਰ ਅਜਨਾਲਾ (ਭਾਰਤ ਕੇਸਰੀ)
ਸੈਫ ਅਲੀ ਫਗਵਾੜਾ
ਗੌਰਵ ਅਜਨਾਲਾ
ਸੋਨੀ ਸਿਉੜਾ ਪੰਜਾਬ ਕੇਸਰੀ
ਸੁਰਿੰਦਰ ਚੁੰਮਾ ਸ਼ਾਹਕੋਟ
ਜਲਾਲ ਇਰਾਨੀ (ਏਸ਼ੀਅਨ ਚੈਂਪੀਅਨ)
ਨੋਟ: ਸਿਰਫ਼ ਸੱਦੇ ਹੋਏ ਅਖਾੜਿਆਂ ਦੇ ਪਹਿਲਵਾਨਾਂ ਦੀਆਂ ਹੀ ਕੁਸ਼ਤੀਆਂ ਹੋਣਗੀਆਂ।
ਸ਼ਹੀਦਾਂ ਦੀ ਯਾਦ 'ਚ ਅਤੇ ਭਲਵਾਨਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸ. ਜੋਗਿੰਦਰ ਸਿੰਘ ਢੰਡੋਵਾਲ ਦੇ ਪਰਿਵਾਰ ਵੱਲੋਂ ਹੋਵੇਗੀ।
ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 12 ਜਨਵਰੀ, 2026 (ਦਿਨ ਸੋਮਵਾਰ) ਸਵੇਰੇ 10.00 ਵਜੇ ਨੂੰ ਹੋਵੇਗੀ, ਜਿਨ੍ਹਾਂ ਦੇ ਭੋਗ 14 ਜਨਵਰੀ, 2026 (ਦਿਨ ਬੁੱਧਵਾਰ) ਨੂੰ ਸਵੇਰੇ 10.00 ਵਜੇ ਪਾਏ ਜਾਣਗੇ। ਅਰਦਾਸ ਉਪਰੰਤ ਦੀਵਾਨ ਸਜਣਗੇ, ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ-ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਛਿੰਝ ਦੌਰਾਨ ਭਲਵਾਨ ਆਪਣੀ ਭਲਵਾਨੀ ਦੇ ਜੌਹਰ ਦਿਖਾਉਣਗੇ।
ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।
ਸਮੂਹ ਇਲਾਕਾਵਸੀਆਂ ਨੂੰ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ
ਵੱਲੋਂ: ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)
ਸੰਪਰਕ: (ਨਛੱਤਰ ਸਿੰਘ ਸੱਤੀ) 98151-02950, 82840-32366 (ਬਲਿਹਾਰ ਸਿੰਘ ਨੰਬਰਦਾਰ), (ਜੀਤ ਸਿੰਘ) 92573-40139

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾਲਸਾ ਮੈਮੋਰੀਅਲ ਹਸਪਤਾਲ
ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



+91 98767-50784 +91 98767-50784
ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਮਹਿਤਾ ਚੌਂਕ, ਅੰਮ੍ਰਿਤਸਰ



ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

Contact :
98150-83338
70879-59639



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

### ਪਿੰਡ ਨਥੇਹਾ ਦੀ ਮਾਰਕੀਟ ਵਲੋਂ ਸਰਬੱਤ ਦੇ ਭਲੇ ਅਤੇ ਦੁਰਘਟਨਾਵਾਂ ਤੋਂ ਬਚਾਅ ਲਈ

# ਸ੍ਰੀ ਅਖੰਡ ਪਾਠਾਂ ਦੇ ਭੋਗ ਪਾਏ





**ਤਲਵੰਡੀ ਸਾਬੋ, 01 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਨਵੇਂ ਸਾਲ ਦੀ ਆਮਦ ਮੌਕੇ ਪਿੰਡ ਨਥੇਹਾ ਦੇ ਬੱਸ ਸਟੈਂਡ ਉਪਰ ਸਥਿਤ ਮਾਰਕੀਟ ਵਲੋਂ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸੜਕਾਂ 'ਤੇ ਹੋ ਰਹੀਆਂ ਦੁਰਘਟਨਾਵਾਂ ਤੋਂ ਬਚਾਅ ਅਤੇ ਸਰਬੱਤ ਦੇ ਭਲੇ ਦੀ ਕਾਮਨਾ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਧਾਰਮਿਕ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰਬਾਣੀ ਰਾਹੀਂ ਪ੍ਰਭੂ ਚਰਨਾਂ ਵਿੱਚ ਅਰਦਾਸ ਕੀਤੀ ਗਈ। ਭੋਗ ਪਾਉਣ ਉਪਰੰਤ ਹੈਡ ਗ੍ਰੰਥੀ ਭਾਈ ਜਰਨੈਲ ਸਿੰਘ ਮਿੱਠੂ ਨੇ ਇਕੱਤਰ ਸੰਗਤਾਂ ਨੂੰ ਨਵੇਂ ਸਾਲ ਦੀਆਂ ਮੁਬਾਰਕਾਂ ਦਿੱਤੀਆਂ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਗੁਰਬਾਣੀ ਸਾਨੂੰ ਸੱਚ, ਸੇਵਾ ਅਤੇ ਸਬਰ ਦੇ ਰਾਹ 'ਤੇ ਚਲਣ ਦੀ ਪ੍ਰੇਰਣਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰੀਏ, ਧੀਰਜ ਅਤੇ ਸਾਵਧਾਨੀ ਨਾਲ ਵਾਹਨ ਚਲਾਈਏ ਤਾਂ ਜੋ ਸੜਕ ਹਾਦਸਿਆਂ ਨੂੰ ਘਟਾਇਆ ਜਾ ਸਕੇ। ਨਾਲ ਹੀ ਉਨ੍ਹਾਂ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਸਮਾਜ ਵਿੱਚ ਭਾਈਚਾਰਕ ਸਾਂਝ ਅਤੇ ਆਪਸੀ ਪਿਆਰ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਮਾਰਕੀਟ ਦੇ ਮੁਹਤਬਰ ਜਸਵੀਰ ਸਿੰਘ ਚਾਹਲ, ਚਰਨਜੀਤ ਸਿੰਘ ਸੱਗੂ, ਚਰਨਜੀਤ ਸ਼ਰਮਾ ਅਤੇ ਮੇਜਰ ਸਿੰਘ ਚਾਹਲ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਨਵੇਂ ਸਾਲ ਦੀ ਸ਼ੁਰੂਆਤ ਧਾਰਮਿਕ ਅਤੇ ਸਮਾਜਿਕ ਕਾਰਜਾਂ ਨਾਲ ਕਰਨਾ ਸਮਾਜ ਵਿੱਚ ਸਕਾਰਾਤਮਕ ਸੋਚ ਪੈਦਾ ਕਰਦਾ ਹੈ। ਉਨ੍ਹਾਂ ਕਿਹਾ ਕਿ ਮਾਰਕੀਟ ਵਲੋਂ ਹਰ ਸਾਲ ਇਸ ਤਰ੍ਹਾਂ ਦੇ ਉਪਰਾਲੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕੀਤੇ ਜਾਂਦੇ ਹਨ ਤਾਂ ਜੋ ਇਲਾਕੇ ਵਿੱਚ ਅਮਨ-ਚੈਨ ਬਣਿਆ ਰਹੇ ਅਤੇ ਰਸਤਿਆਂ 'ਤੇ ਹੋ ਰਹੀਆਂ ਦੁਰਘਟਨਾਵਾਂ ਨੂੰ ਘਟਾਇਆ ਜਾ ਸਕੇ। ਉਨ੍ਹਾਂ ਸਾਰਿਆਂ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਸਰਬੱਤ ਦੇ ਭਲੇ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਕਲਪ ਦੋਹਰਾਇਆ। ਸਮਾਗਮ ਦੇ ਅੰਤ ਵਿੱਚ ਸੰਗਤਾਂ ਲਈ ਲੰਗਰ ਅਤੁੱਟ ਵਰਤਾਇਆ ਗਿਆ। ਪਿੰਡ ਵਾਸੀਆਂ ਅਤੇ ਮਾਰਕੀਟ ਦੇ ਦੁਕਾਨਦਾਰਾਂ ਵਲੋਂ ਇਸ ਉਪਰਾਲੇ ਦੀ ਸਰਾਹਨਾ ਕੀਤੀ ਗਈ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਧਾਰਮਿਕ ਤੇ ਸਮਾਜਿਕ ਕਾਰਜ ਜਾਰੀ ਰੱਖਣ ਦਾ ਸੰਕਲਪ ਲਿਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਲੀਲਾ ਸਿੰਘ ਗੋਲੇਵਾਲਾ, ਰਸ਼ਨਦੀਪ ਸਿੰਘ, ਦੀਪ ਸ਼ਰਮਾ, ਗਗਨਦੀਪ ਸਿੰਘ ਆਦਿ ਨੇ ਸੇਵਾਵਾਂ ਨਿਭਾਈਆਂ।

### ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ

# ਨਵੇਂ ਸਾਲ ਮੌਕੇ ਸੁਖਮਨੀ ਸਾਹਿਬ ਦੇ ਭੋਗ ਪਾਏ







ਤਲਵੰਡੀ ਸਾਬੋ, 01 ਜਨਵਰੀ (ਗੁਰਜੰਟ ਸਿੰਘ ਨਥੇਹਾ)- ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਨਵੇਂ ਸਾਲ ਦੀ ਆਮਦ ਦੇ ਸ਼ੁਭ ਅਵਸਰ 'ਤੇ ਸੀਨੀਅਰ ਮੈਡੀਕਲ ਅਫਸਰ ਸ੍ਰੀ ਰਵੀ ਕਾਂਤ ਗੁਪਤਾ ਦੀ ਅਗਵਾਈ ਅਤੇ ਸਮੂਹ ਹਸਪਤਾਲ ਸਟਾਫ ਦੇ ਸਹਿਯੋਗ ਨਾਲ ਸ਼੍ਰੀ ਸੁਖਮਨੀ ਸਾਹਿਬ ਦੇ ਪ੍ਰਕਾਸ਼ ਕਰਵਾਏ ਗਏ ਅਤੇ ਭੋਗ ਪਾਏ ਗਏ। ਇਸ ਧਾਰਮਿਕ ਸਮਾਗਮ ਵਿੱਚ ਜਿੱਥੇ ਹਸਪਤਾਲ ਦੇ ਸਮੂਹ ਡਾਕਟਰਾਂ, ਨਰਸਿੰਗ ਅਤੇ ਹੋਰ ਸਟਾਫ ਨੇ ਸ਼ਰਧਾ ਨਾਲ ਹਾਜ਼ਰੀ ਭਰੀ, ਉੱਥੇ ਹੀ ਮਾਣਯੋਗ ਡੀਐੱਸਪੀ ਹਰਪ੍ਰੀਤ ਸਿੰਘ ਚਾਹਲ, ਨਗਰ ਕੌਂਸਲ ਪ੍ਰਧਾਨ ਅਤੇ ਇਲਾਕੇ ਦੀਆਂ ਵੱਖ-ਵੱਖ ਮੁਹਤਬਰ ਸ਼ਖ਼ਸੀਅਤਾਂ ਵੱਲੋਂ ਵੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਜਗਤਾਰ ਸਿੰਘ ਜੀ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸੰਗਤ ਨੂੰ ਨਵੇਂ ਸਾਲ ਦੀ ਮਹੱਤਤਾ ਬਾਰੇ ਦੱਸਿਆ ਅਤੇ ਸਭ ਦੀ ਚੜ੍ਹਦੀ ਕਲਾ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਐਸ.ਐਮ.ਓ. ਸ੍ਰੀ ਰਵੀ ਕਾਂਤ ਗੁਪਤਾ ਨੇ ਹਾਜ਼ਰ ਸੰਗਤਾਂ ਨੂੰ ਨਵੇਂ ਸਾਲ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਉਨ੍ਹਾਂ ਕਿਹਾ ਕਿ ਹਸਪਤਾਲ ਦੀ ਦਿੱਖ ਨੂੰ ਸੁਧਾਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਮਰੀਜ਼ਾਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਸਟਾਫ ਦੀ ਪੂਰਤੀ ਵੀ ਕੀਤੀ ਜਾ ਰਹੀ ਹੈ ਅਤੇ ਅੱਜ ਸਾਰਾ ਸਟਾਫ ਪੂਰਾ ਹੈ। ਉਨ੍ਹਾਂ ਨੇ ਸਾਰੇ ਸਟਾਫ ਦੇ ਸਹਿਯੋਗ ਦੀ ਸਰਾਹਨਾ ਕਰਦਿਆਂ ਕਿਹਾ ਕਿ ਭਵਿੱਖ ਵਿੱਚ ਵੀ ਲੋਕਾਂ ਨੂੰ ਸੁਚੱਜੀਆਂ ਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹਨ। ਸਮਾਗਮ ਦੀ ਸਮਾਪਤੀ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਪਹੁੰਚੇ ਭਾਈ ਜਗਤਾਰ ਸਿੰਘ ਅਤੇ ਗ੍ਰੰਥੀ ਸਿੰਘਾਂ ਨੂੰ ਸਿਰੋਪਾਓ ਦੀ ਬਖਸ਼ਿਸ਼ ਕੀਤੀ ਅਤੇ ਉਧਰ ਰਾਮਾਂ ਮੰਡੀ ਤੋਂ ਲਾਇਨਜ਼ ਕਲੱਬ ਰਾਮਾਂ ਹੋਪ ਵਲੋਂ ਸ੍ਰੀ ਰਵੀ ਕਾਂਤ ਗੁਪਤਾ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਭੋਗ ਉਪਰੰਤ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV



# ਸਰਬੱਤ ਦੇ ਭਲੇ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ





ਤਲਵੰਡੀ ਸਾਬੋ, 01 ਜਨਵਰੀ (ਗੁਰਜੰਟ ਸਿੰਘ ਨਥੇਹਾ)- ਵਰਸਿਟੀ ਪ੍ਰਬੰਧਕਾਂ, ਫੈਕਲਟੀ ਮੈਂਬਰਾਂ, ਸਟਾਫ ਅਤੇ ਵਿਦਿਆਰਥੀਆਂ ਵੱਲੋਂ ਸਰਬੱਤ ਦੇ ਭਲੇ ਤੇ ਨਵੇਂ ਸਾਲ ਦੀ ਆਮਦ ਤੇ ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਇਸ ਮੌਕੇ ਸਭਨਾਂ ਦੇ ਚੜ੍ਹਦੀ ਕਲਾ ਵਿੱਚ ਰਹਿਣ ਲਈ ਅਰਦਾਸ ਕੀਤੀ ਗਈ। ਇਸ ਮੌਕੇ ਤਖ਼ਤ ਸ਼੍ਰੀ ਦਮਦਮਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਵਿੰਦਰ ਸਿੰਘ ਦੇ ਰਾਗੀ ਜੱਥੇ ਵੱਲੋਂ ਗੁਰਬਾਣੀ ਪਾਠ ਅਤੇ ਰਸ-ਭਿੰਨਾ ਕੀਰਤਨ ਕੀਤਾ ਗਿਆ। ਆਯੋਜਨ ਮੌਕੇ ਵੱਖ-ਵੱਖ ਵਿਭਾਗਾਂ ਦੇ ਡਾਇਰੈਕਟਰ, ਡੀਨ, ਫੈਕਲਟੀ ਮੈਂਬਰ, ਸਟਾਫ ਅਤੇ ਵਿਦਿਆਰਥੀਆਂ ਨੇ ਗੁਰੂ ਚਰਨਾਂ ਵਿੱਚ ਸਿਜਦਾ ਕੀਤਾ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰਕੇ ਆਤਮਿਕ ਖੁਸ਼ੀਆਂ ਪ੍ਰਾਪਤ ਕੀਤੀਆਂ। ਪਰੋ. ਵਾਈਸ ਚਾਂਸਲਰ ਪ੍ਰੋ.(ਡਾ.) ਪੀਯੂਸ਼ ਵਰਮਾ ਵੱਲੋਂ ਸਭਨਾਂ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ ਗਈ ਅਤੇ ਫੈਕਲਟੀ ਮੈਂਬਰਾਂ ਨੂੰ ਵਿੱਦਿਆ ਦਾ ਪ੍ਰਕਾਸ਼ ਘਰ-ਘਰ ਵਿੱਚ ਪਹੁੰਚਾਉਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਹਰ ਇਨਸਾਨ ਵਿੱਚ ਉੱਤਮ ਦਰਜੇ ਦਾ ਹੁਨਰ ਹੁੰਦਾ ਹੈ ਲੋੜ ਹੈ ਉਸਨੂੰ ਸਹੀ ਦਿਸ਼ਾ ਵਿਖਾਉਣ ਦੀ, ਸੋ ਅਧਿਆਪਕਾਂ ਨੂੰ ਵਿਦਿਆਰਥੀਆਂ ਦੇ ਹੁਨਰ ਅਤੇ ਕੌਸ਼ਲ ਨੂੰ ਪਹਿਚਾਣ ਕੇ ਸਹੀ ਰਸਤੇ ਤੇ ਲਾਉਣਾ ਹੁੰਦਾ ਹੈ। ਉਨ੍ਹਾਂ ਵਰਸਿਟੀ ਵੱਲੋਂ ਫੈਕਲਟੀ ਮੈਂਬਰਾਂ, ਅਧਿਕਾਰੀਆਂ ਅਤੇ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੇ ਸਹਿਯੋਗ ਦੇ ਵਾਅਦੇ ਨੂੰ ਦੁਹਰਾਇਆ। ਡਾ. ਗੁਰਪ੍ਰੀਤ ਸਿੰਘ, ਡਾਇਰੈਕਟਰ ਅਡਮਿਸ਼ਨ ਵੱਲੋਂ ਸਭਨਾਂ ਦੇ ਭਲੇ ਦੀ ਕਾਮਨਾ ਕਰਦੇ ਹੋਏ ਵਿਦਿਆਰਥੀਆਂ ਨੂੰ ਹਰ ਖੇਤਰ ਵਿੱਚ ਮੱਲ੍ਹਾਂ ਮਾਰਨ ਲਈ ਸ਼ੁੱਭ ਕਾਮਨਾਵਾਂ ਭੇਂਟ ਕੀਤੀਆਂ ਗਈਆਂ। ਡਾ. ਗੁਰਜੀਤ ਸਿੰਘ ਖਾਲਸਾ ਮੁੱਖੀ ਧਰਮ ਅਧਿਐਨ ਵਿਭਾਗ ਨੇ ਤਖ਼ਤ ਸ਼੍ਰੀ ਦਮਦਮਾ ਸਾਹਿਬ ਵੱਲੋਂ ਬਖ਼ਿਸ਼ਸ਼ ਕੀਤਾ ਸਿਰਪਾਓ ਵਰਸਿਟੀ ਅਧਿਕਾਰੀਆਂ ਨੂੰ ਭੇਂਟ ਕੀਤਾ। ਉਨ੍ਹਾਂ ਵਰਸਿਟੀ ਦਾ ਇਤਿਹਾਸ ਦੱਸਦੇ ਹੋਏ ਵਰਸਿਟੀ ਪ੍ਰਬੰਧਕਾਂ ਵੱਲੋਂ ਇਲਾਕੇ ਵਿੱਚ ਵਿੱਦਿਆ ਦੇ ਹਨੇਰੇ ਨੂੰ ਦੂਰ ਕਰਨ ਲਈ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ ਤੇ ਆਈ ਸੰਗਤ ਦਾ ਧੰਨਵਾਦ ਕੀਤਾ। ਵਰਸਿਟੀ ਪ੍ਰਬੰਧਕਾਂ ਵੱਲੋਂ ਰਾਗੀ ਸਿੰਘਾਂ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ ਗਿਆ। ਭੋਗ ਉਪਰੰਤ ਐਡਮਿਸ਼ਨ ਸੈੱਲ ਦੇ ਅਧਿਕਾਰੀਆਂ ਵੱਲੋਂ ਚਾਹ-ਪਕੌੜਿਆਂ ਦਾ ਲੰਗਰ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵਿਖੇ ਦਸਮ ਪਿਤਾ ਦੁਸ਼ਟ ਦਮਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਪ੍ਰਕਾਸ਼ ਉਤਸਵ ਨਗਰ ਕੀਰਤਨ 8 ਜਨਵਰੀ ਅਤੇ ਸਮਾਗਮ 10 ਜਨਵਰੀ ਨੂੰ ਕਰਵਾਏ ਜਾ ਰਹੇ ਹਨ—ਸੰਤ ਬਾਬਾ ਭਗਤ ਮਿਲਖਾ ਸਿੰਘ



ਫ਼ਿਰੋਜ਼ਪੁਰ, 01 ਜਨਵਰੀ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵਿਖੇ ਦਸਮ ਪਿਤਾ ਦੁਸ਼ਣ ਦਮਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਪ੍ਰਕਾਸ਼ ਉਤਵ ਨਗਰ ਕੀਰਤਨ 8 ਜਨਵਰੀ 2026 (25 ਪੋਹ) ਦਿਨ ਵੀਰਵਾਰ ਅਤੇ ਸਮਾਗਮ 10 ਜਨਵਰੀ (27 ਪੋਹ) ਦਿਨ ਸ਼ਨੀਵਾਰ ਨੂੰ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਦਸਮ ਪਿਤਾ ਦੁਸ਼ਟ ਦਮਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਪ੍ਰਕਾਸ਼ ਉਤਸਵ ਨੂੰ ਸਮਰਪਿਤ 8 ਜਨਵਰੀ ਨੂੰ ਨਗਰ ਕੀਰਤਨ ਅਤੇ 10 ਜਨਵਰੀ ਨੂੰ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਅੱਗੇ ਦੱਸਿਆ ਕਿ ਇਸ ਸਬੰਧ ਵਿਚ ਮਹਾਨ ਨਗਰ ਕੀਰਤਨ ਜ਼ੋ ਕਿ 8 ਜਨਵਰੀ ਨੂੰ ਬੜੀ ਹੀ ਸ਼ਾਨੋ—ਸ਼ੌਕਤ ਨਾਲ ਝੂਲਦੇ ਨਿਸ਼ਾਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਵੇਰੇ 8 ਵਜੇ ਗੁਰਦੁਆਰਾ ਗੁਰੂ ਰਾਮਦਾਸ ਪੁਰੀ ਅਰਮਾਨਪੁਰ ਤੋਂ ਸ਼ੁਰੂ ਹੋ ਕੇ ਗੁਰੂ ਰਾਮਦਾਸ ਪੁਰੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਸ਼ਾਹਦੀਨ ਵਾਲਾ ਸਵੇਰ ਦਾ ਲੰਗਰ, ਜਿਸ ਉਪਰੰਤ ਲੂੰਬੜੀ ਵਾਲਾ, ਜਨੇਰ, ਸਾਂਦੇ ਹਾਸ਼ਮ, ਕਾਕੂ ਵਾਲਾ, ਵਸਤੀ ਢਾਬ ਵਾਲੀ, ਵਸਤੀ ਅਜੀਜ ਵਾਲੀ, ਕਮੱਗਰ, ਪਿਆਰੇਆਣਾ, ਨਹਿਰ ਦਾ ਪੁਲ, ਖਲੀਲ ਵਾਲੀ ਬਸਤੀ, ਵਸਤੀ ਲਾਲ ਸਿੰਘ, ਵਸਤੀ ਭਾਗ ਸਿੰਘ, ਵਸਤੀ ਜੀਵਨ ਸਿੰਘ, ਮੱਲਵਾਲ, ਗੁਰਦੁਆਰਾ ਜਾਮਨੀ ਸਾਹਿਬ ਬਜੀਦਪੁਰ, ਪਾਇਨਰ ਕਲੋਨੀ, ਆਲੇਵਾਲਾ, ਸਤੀਏ ਵਾਲਾ ਦੁਪਹਿਰ ਦਾ ਲੰਗਰ, ਜੀ.ਟੀ ਰੋਡ ਛਾਉਣੀ, ਸ਼ੇਰ ਸ਼ਾਹ ਵਾਲੀ ਚੌਂਕ ਤੋਂ ਸ: ਸੁਖਪਾਲ ਸਿੰਘ ਨੰਨੂ ਦੀ ਕੋਠੀ ਦੇ ਅੱਗੇ ਹੁੰਦਾ ਹੋਇਆ ਉੱਚਾ ਪੁੱਲ, ਗਾਂਧੀ ਨਗਰ, ਸ਼ਹੀਦ ਊਧਮ ਸਿੰਘ ਚੌਂਕ, ਬਗਦਾਦੀ ਗੇਟ, ਜ਼ੀਰਾ ਗੇਟ, ਗੁਰਦੁਆਰਾ ਗੁਰੂ ਤੇਗ ਬਹਾਦੁਰ, ਖੂਹ ਕੋਟੀਆਂ ਵਾਲਾ, ਦਾਣਾ ਮੰਡੀ ਤੋਂ ਹੁੰਦਾ ਹੋਇਆ ਖੁਸ਼ਹਾਲ ਸਿੰਘ ਵਾਲਾ, ਉਰਫ ਰੱਖੜੀ, ਗੋਡਰ ਵਾਲਾ ਰਾਤ ਦਾ ਲੰਗਰ ਤੋਂ ਆਸਲ ਉਪਰੰਤ 7 ਵਜੇ ਗੁਰਦੁਆਰਾ ਸਾਹਿਬ ਸਮਾਪਤੀ ਦੀ ਅਰਦਾਸ ਹੋਵੇਗੀ। ਇਸ ਮੌਕੇ ਤੇ ਥਾਂ—ਥਾਂ ਤੇ ਸਵਾਗਤੀ ਗੇਟ ਪਿੰਡਾਂ ਵਿਚ ਲਗਾਏ ਜਾਣਗੇ ਅਤੇ ਥਾਂ—ਥਾਂ ਤੇ ਅਨੇਕਰ ਪ੍ਰਕਾਰ ਦੇ ਲੰਗਰ ਸੰਗਤਾਂ ਨੂੰ ਛਕਾਏ ਜਾਣਗੇ। ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਅੱਗੇ ਦੱਸਿਆ ਕਿ ਇਸੇ ਤਰ੍ਹਾਂ 10 ਜਨਵਰੀ ਨੂੰ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਸੰਤ ਬਾਬਾ ਸੁੱਚਾ ਸਿੰਘ, ਸੰਤ ਬਾਬਾ ਗੁਰਚਰਨ ਸਿੰਘ ਸੁਰ ਸਿੰਘ ਵਾਲੇ, ਬਾਬਾ ਹਰਭਜਨ ਸਿੰਘ ਜੰਡ ਸਾਹਿਬ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਮਹੰਤ ਬਲਰਾਜ ਸਿੰਘ, ਮਹੰਤ ਤਰਨਦੀਪ ਕੌਰ, ਭਾਈ ਨਿਰਭੈ ਸਿੰਘ, ਬੀਬੀ ਦਲੇਰ ਕੌਰ ਪਹੁੰਚ ਕੇ ਹਾਜ਼ਰੀ ਭਰਨਗੇ। ਇਸ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੰਤ ਮਹਾਂਪੁਰਸ਼ ਹਾਜ਼ਰੀ ਭਰਨਗੇ। ਇਸ ਤੋਂ ਇਲਾਵਾ ਢਾਡੀ ਜਥਾ ਬੀਬੀ ਦਲੇਰ ਕੌਰ ਖਾਲਸਾ, ਭਾਈ ਕੁਲਦੀਪ ਸਿੰਘ ਕਥਾਵਾਚਕ ਲੱਖੋਕੇ ਬਹਿਰਾਮ, ਭਾਈ ਅਮ੍ਰਿਤਪ੍ਰੀਤ ਸਿੰਘ ਰਾਗੀ ਜਥਾ ਫ਼ਿਰੋਜ਼ਪੁਰ, ਭਾਈ ਬੋਹੜ ਸਿੰਘ ਢਾਡੀ ਜਥਾ ਬਾਰੇਕੇ, ਬੀਬੀ ਦਲਜੀਤ ਕੌਰ ਕਥਾਵਾਚਕ (ਅਰਮਾਨਪੁਰਾ ਵਾਲੇ) ਅਤੇ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਅਰਮਾਨਪੁਰਾ ਦੇ ਬੱਚਿਆਂ ਵੱਲੋਂ ਕੀਰਤਨ ਕਥਾ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਗੁਰੂ ਦੀ ਬਖਸ਼ਿਸ਼ ਨਾਲ ਆਪਣੇ—ਆਪਣੇ ਵਹੀਕਲ ਲੈ ਕੇ ਨਗਰ ਕੀਰਤਨ ਵਿਚ ਹਾਜ਼ਰ ਭਰੋ ਅਤੇ 10 ਜਨਵਰੀ ਨੂੰ ਗੁਰਮਤਿ ਸਮਾਗਮ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੱਚਖੰਡਵਾਸੀ ਸੰਤ ਬਾਬਾ ਤਾਰਾ ਸਿੰਘ ਜੀ ਸੰਤ ਬਾਬਾ ਚਰਨ ਸਿੰਘ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵਾਲਿਆਂ ਦੇ ਸਲਾਨਾ ਬਰਸੀ ਸਮਾਗਮ

# ਗੁਰਦੁਆਰਾ ਗੁਰਪੁਰੀ ਸਾਹਿਬ ਸੁਹਾਵਾ ਸਰਹਾਲੀ ਸਾਹਿਬ ਵਿਖੇ ਮਨਾਏ ਗਏ

## ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ











(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)



ਸੱਚਖੰਡਵਾਸੀ ਸੰਤ ਬਾਬਾ ਤਾਰਾ ਸਿੰਘ ਜੀ ਸੰਤ ਬਾਬਾ ਚਰਨ ਸਿੰਘ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵਾਲਿਆਂ ਦੇ ਸਲਾਨਾ ਬਰਸੀ ਸਮਾਗਮ ਗੁਰਦੁਆਰਾ ਗੁਰਪੁਰੀ ਸਾਹਿਬ ਸੁਹਾਵਾ ਸਰਹਾਲੀ ਸਾਹਿਬ ਵਿਖੇ ਦਲ ਬਾਬਾ ਰਾਮ ਸਿੰਘ ਜੀ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਸੰਤ ਬਾਬਾ ਹਾਕਮ ਸਿੰਘ ਜੀ ਦੀ ਦੇਖ ਰੇਖ ਵਿੱਚ ਅੱਜ 1 ਜਨਵਰੀ 2026 ਨੂੰ ਕਰਵਾਏ ਗਏ ਹੋਰਨਾਂ ਤੋਂ ਇਲਾਵਾ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਇਸ ਸਮੇਂ ਵੱਡੀ ਗਿਣਤੀ ਵਿੱਚ ਸੰਤ ਮਹਾਂਪੁਰਸ਼ ਰਾਗੀ ਢਾਡੀ ਕਥਾਵਾਚਕ ਪ੍ਰਚਾਰਕ ਅਤੇ ਸਿੱਖ ਸੰਗਤਾਂ ਹਾਜ਼ਰ ਸਨ ਸੰਤ ਗਿ: ਰਾਮ ਸਿੰਘ ਜੀ ਮੁਖੀ ਦਮਦਮੀ ਟਕਸਾਲ ਸੰਗਰਾਵਾਂ,ਸੰਤ ਬਾਬਾ ਗੁਰਬਚਨ ਸਿੰਘ ਜੀ ਦਲ ਬਾਬਾ ਬਿਧੀ ਚੰਦ ਸੁਰਸਿੰਘ,ਡਾਕਟਰ ਭਗਵਾਨ ਸਿੰਘ ਜੌਹਲ,ਸੰਤ ਬਾਬਾ ਹਾਕਮ ਸਿੰਘ ਜੀ ਸਰਹਾਲੀ ਸਾਹਿਬ ਪ੍ਰਬੰਧਕਾਂ ਵਲੋਂ ਜਥੇਦਾਰ ਦਾਦੂਵਾਲ ਜੀ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੱਚਖੰਡਵਾਸੀ ਸੰਤ ਬਾਬਾ ਤਾਰਾ ਸਿੰਘ ਜੀ ਸੰਤ ਬਾਬਾ ਚਰਨ ਸਿੰਘ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵਾਲਿਆਂ ਦੇ ਸਲਾਨਾ ਬਰਸੀ ਸਮਾਗਮ

# ਗੁਰਦੁਆਰਾ ਗੁਰਪੁਰੀ ਸਾਹਿਬ ਸੁਹਾਵਾ ਸਰਹਾਲੀ ਸਾਹਿਬ ਵਿਖੇ ਮਨਾਏ ਗਏ

**ਸੰਤ ਗਿ: ਰਾਮ ਸਿੰਘ ਜੀ ਮੁਖੀ ਦਮਦਮੀ ਟਕਸਾਲ ਸੰਗਰਾਵਾਂ,ਸੰਤ ਬਾਬਾ ਗੁਰਬਚਨ ਸਿੰਘ ਜੀ ਦਲ ਬਾਬਾ ਬਿਧੀ ਚੰਦ ਸੁਰਸਿੰਘ,ਡਾਕਟਰ ਭਗਵਾਨ ਸਿੰਘ ਜੌਹਲ,ਸੰਤ ਬਾਬਾ ਹਾਕਮ ਸਿੰਘ ਜੀ ਸਰਹਾਲੀ ਸਾਹਿਬ ਪ੍ਰਬੰਧਕਾਂ ਵਲੋਂ ਜਥੇਦਾਰ ਦਾਦੂਵਾਲ ਜੀ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ**













ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਕੋਮਲ ਅਹਿਸਾਸਾਂ ਦੀ ਬਹੁਭਾਸ਼ਾਈ ਸੁਚੇਤ ਸ਼ਾਇਰਾ

# ਸੱਯਦਾ ਤਸਨੀਮ ਬੁਖਾਰੀ

**ਜਦ ਵੀ** ਅਸੀਂ ਸਾਹਿਤ ਸਭਿਆਚਾਰ ਤੇ ਕਲਾ ਨਾਲ ਸੰਬੰਧਤ ਕਿਸੇ ਮਕਬੂਲ ਅਦਬੀ ਸ਼ਖ਼ਸੀਅਤ ਜਾ ਕਲਾਕਾਰ ਦਾ ਜ਼ਿਕਰ ਕਰਦੇ ਹਾਂ ਤਾਂ ਉਸ ਦੇ ਮੁੱਢਲੇ ਸੰਘਰਸ਼ ਤੋਂ ਕਾਮਯਾਬੀ ਤੱਕ ਦੇ ਸਫਰ ਦੀ ਇਬਾਰਤ ਸਾਡੇ ਲਈ ਪ੍ਰੇਰਣਾ ਸਰੋਤ ਹੋ ਨਿਬੜਦੀ ਹੈ ।ਅੱਜ ਜਿਸ ਸਾਹਿਤਕ ਸ਼ਖ਼ਸੀਅਤ ਦੀ ਗੱਲ ਕਰ ਰਹੇ ਹਾਂ ਉਸਦਾ ਸੰਬੰਧ ਲਹਿੰਦੇ ਪੰਜਾਬ ਦੇ ਅਦਬੀ ਕੇਂਦਰ ਲਾਹੌਰ ਨਾਲ ਹੈ। ਰਾਵੀ ਦਰਿਆ ਦੇ ਕੰਢੇ ਵਸਿਆ ਵਿਰਾਸਤੀ ਤੇ ਇਤਿਹਾਸਕ ਸ਼ਹਿਰ ਲਾਹੌਰ ਪਾਕਿਸਤਾਨ ਦਾ ਸਿਆਸੀ, ਸਨਅਤੀ ਅਤੇ ਪੜ੍ਹਾਈ ਦਾ ਗੜ੍ਹ ਹੈ ,ਇਸੇ ਲਈ ਇਸਨੂੰ ਪਾਕਿਸਤਾਨ ਦਾ ਦਿਲ ਵੀ ਕਿਹਾ ਜਾਂਦਾ ਹੈ ।ਇਹ ਸਦੀਆਂ ਤੋਂ ਹੀ ਉਰਦੂ ਤੇ ਪੰਜਾਬੀ ਅਦਬ ਦੀ ਰਲਵੀਂ ਮਿਲਵੀਂ ਤਹਿਜ਼ੀਬ ਦਾ ਮਰਕਜ ਰਿਹਾ ਹੈ ।ਲਾਹੌਰ ਸ਼ਾਹ ਹੁਸੈਨ, ਸ਼ਾਇਰ ਛੱਜੂ ਭਗਤ,ਬਾਬਾ ਬੁੱਲ੍ਹੇ ਸ਼ਾਹ ,ਉਸਤਾਦ ਦਾਮਨ,ਅਹਿਮਦ ਨਦੀਮ ਕਾਸਮੀ,ਡਾ. ਹਰਿਭਜਨ ਸਿੰਘ,ਫ਼ੈਜ਼ ਅਹਿਮਦ ਫ਼ੈਜ਼,ਅੰਮ੍ਰਿਤਾ ਪ੍ਰੀਤਮ,ਗ਼ੁਲਾਮ ਮੁਸਤੁਫ਼ਾ ਤਬੱਸੁਮ ਅਤੇ ਪ੍ਰੋਫੈਸਰ ਮੋਹਨ ਸਿੰਘ ਵਰਗੇ ਉੱਚ ਕੋਟੀ ਦੇ ਅਨੇਕਾਂ ਸ਼ਾਇਰਾਂ ਤੇ ਵਿਦਵਾਨਾਂ ਦੀ ਕਰਮ ਭੂਮੀ ਰਿਹਾ ਹੈ। ਇੱਥੇ ਹੀ ਪੰਜਾਬੀ ਤੇ ਉਰਦੂ ਦੀਆਂ ਕਿੰਨੀਆਂ ਹੀ ਮਹਾਨ ਅਦਬੀ ਸ਼ਖ਼ਸੀਅਤਾਂ ਨੂੰ ਮਕਬੂਲੀਅਤ ਹਾਸਿਲ ਹੋਈ ਹੈ । ਅਜੋਕੇ ਦੌਰ ਦੀਆਂ ਜਿਹਨਾਂ ਸਾਹਿਤਕ ਸ਼ਖ਼ਸੀਅਤਾਂ ਦੀ ਸਾਹਿਤ ਦੇ ਖੇਤਰ ਚ ਇਕ ਖਾਸ ਪਹਿਚਾਣ ਬਣ ਕੇ ਉਭਰੀ ਹੈ ਉਹਨਾਂ ਵਿੱਚ ਵਿਸ਼ੇਸ਼ ਜ਼ਿਕਰਯੋਗ ਹੈ ਉਰਦੂ ਅਤੇ ਪੰਜਾਬੀ ਸਾਹਿਤ ਦੀ ਇਕ ਨਾਮਵਰ ਸ਼ਖ਼ਸੀਅਤ "ਸਯੱਦਾ ਤਸਨੀਮ ਬੁਖਾਰੀ"



ਮੋਹਤਰਮਾ ਸਯੱਦਾ ਤਸਨੀਮ ਬੁਖਾਰੀ ਹੁਰਾਂ ਦੀ ਪੈਦਾਇਸ਼ ਇਕ ਸੱਯਦ ਖਾਨਦਾਨ ਵਿਚ ਲਾਹੌਰ ਦੇ ਸਭਿਅਕ ਤੇ ਵਿਦਿਆ ਦੇ ਕੇਂਦਰ ਵਜੋਂ ਜਾਣੇ ਜਾਂਦੇ ਇਲਾਕੇ ਸਮਨਾਬਾਦ ਵਿੱਚ ਹੋਈ। ਉਹਨਾਂ ਦੇ ਅੱਬਾ ਇਕ ਸਰਕਾਰੀ ਮੁਲਾਜ਼ਮ ਤੇ ਅੰਮੀ ਇਕ ਘਰੇਲੂ ਸੁਆਣੀ ਸਨ ।ਸੱਯਦ ਖਾਨਦਾਨ ਰਵਾਇਤੀ ਤੌਰ ਤੇ ਇਕ ਅਦਬੀ ਮਰਿਆਦਾ ਤੇ ਖਾਸ ਕਿਸਮ ਦੀ ਤਾਲੀਮ ਨਾਲ ਜੁੜਿਆ ਹੋਇਆ ਸੀ ਜਿਸ ਵਜਾਹ ਨਾਲ ਤਸਨੀਮ ਦਾ ਪਾਲਣ ਪੋਸ਼ਣ ਸੁਖਾਵੇਂ ਤੇ ਸੁਚੱਜੇ ਮਾਹੌਲ ਚ ਹੋਣ ਕਾਰਨ ਉਸ ਨੂੰ ਜਿਹਨੀ ਤੌਰ ਤੇ ਰੋਸ਼ਨ ਸੰਸਕਾਰ ਪਰਿਵਾਰ ਤੋਂ ਹੀ ਪ੍ਰਾਪਤ ਹੋ ਗਏ ਸਨ।

ਉਸਨੇ ਮੁੱਢਲੀ ਵਿਦਿਆ ਗੁਲਬਰਗ ਸੈਂਟਰ ਆਫ ਮਾਡਲ ਹਾਈ ਸਕੂਲ ਲਾਹੌਰ ਤੋਂ ਪ੍ਰਾਪਤ ਕੀਤੀ ਜੋ ਕਿ ਵਿਦਿਆਰਥੀਆਂ ਲਈ ਨਾ ਕੇਵਲ ਸਕੂਲੀ ਪੜ੍ਹਾਈ ਦਾ ਕੇਂਦਰ ਹੀ ਸੀ ਬਲਕਿ ਵਿਦਿਆਰਥੀਆਂ ਵਿੱਚ ਨੈਤਿਕਤਾ ਦਾ ਜਜ਼ਬਾ ਪੈਦਾ ਕਰਨ ਵਾਲੇ ਮੁਕੱਦਸ ਕੇਂਦਰ ਵਜੋਂ ਵੀ ਜਾਣਿਆ ਜਾਂਦਾ ਹੈ ।ਇਸ ਉੱਚ ਮਿਆਰੀ ਸਕੂਲ ਦਾ ਸੁਚੱਜਾ ਤੇ ਅਨੁਸ਼ਾਸਨਬੱਧ ਸਭਿਆਚਾਰਕ ਮਾਹੌਲ ਹੀ ਉਸ ਦੀ ਅਦਬੀ ਸ਼ਖ਼ਸੀਅਤ ਉਭਾਰਨ ਵਿੱਚ ਸਹਾਈ ਹੋਇਆ। ਬੇਸ਼ੱਕ ਉਸਦੀ

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਾਦੀ ਛੋਟੀ ਉਮਰ ਵਿੱਚ ਹੀ ਉਦੋਂ ਹੋ ਗਈ ਜਦ ਉਹ ਐਫ ਏ ਤੱਕ ਦੀ ਪੜ੍ਹਾਈ ਹੀ ਕਰ ਸਕੀ ਸੀ ਪਰ ਉਸਦੇ ਸ਼ੌਹਰ ਦੇ ਨਿੱਘੇ ਤੇ ਅਗਾਂਹ ਵਧੂ ਵਿਚਾਰਾਂ ਕਾਰਨ, ਉਚ ਵਿਦਿਆ ਉਸਨੇ ਸ਼ਾਦੀ ਤੋਂ ਬਾਅਦ ਹਾਸਿਲ ਕੀਤੀ। ਉਸ ਨੇ ਲਗਭਗ 18 ਸਾਲ ਅਧਿਆਪਕਾ ਵਜੋਂ ਸ਼ਾਨਦਾਰ ਸੇਵਾਵਾਂ ਨਿਭਾਉਂਦੇ ਹੋਏ ਆਪਣਾ ਅਦਬੀ ਸਫਰ ਨਿਰੰਤਰ ਜਾਰੀ ਰੱਖਿਆ। ਉਸਦਾ ਮੰਨਣਾ ਹੈ ਕਿ ਔਰਤਾਂ ਦਾ ਸ਼ੇਅਰ ਓ ਅਦਬ ਦੇ ਖੇਤਰ ਚ ਆਉਣਾ ਏਨਾ ਸੌਖਾ ਨਹੀਂ ,ਪਹਿਲੋਂ ਪਹਿਲ ਉਸਨੂੰ ਵੀ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ ਉਸਨੇ ਆਪਣੇ ਅਦਬੀ ਸ਼ੌਕ, ਅਧਿਆਪਨ ਦੇ ਪੇਸ਼ੇ ਅਤੇ ਘਰੇਲੂ ਮਾਹੌਲ ਚ ਨਾ ਕੇਵਲ ਸੰਤੁਲਨ ਹੀ ਬਣਾਈ ਰੱਖਿਆ, ਬਲਕਿ ਹਰ ਖੇਤਰ ਚ ਬੇਹੱਦ ਕਾਮਯਾਬੀ ਵੀ ਹਾਸਲ ਕੀਤੀ ।

ਸਾਹਿਤ ਦੀ ਚੇਟਕ ਉਸ ਨੂੰ ਸਕੂਲ ਦੇ ਦਿਨਾਂ ਤੋਂ ਹੀ ਲੱਗ ਗਈ ਸੀ ਪਰ ਉਸਦਾ ਅਦਬੀ ਸਫਰ ਅਸਲ ਵਿੱਚ ਓਦੋਂ ਸ਼ੁਰੂ ਹੁੰਦਾ ਹੈ ਜਦੋਂ ਉਸ ਦੇ ਫ਼ਨ ਦੀ ਪਹਿਚਾਣ ਕਰਕੇ ਉਸਤਾਦ ਜਨਾਬ ਸਾਬਿਰ ਅੰਸਾਰੀ ਹੁਰਾਂ ਨੇ ਉਸ ਨੂੰ ਭਰਵਾਂ ਉਤਸ਼ਾਹ ਤੇ ਆਸ਼ੀਰਵਾਦ ਦਾ ਥਾਪੜਾ ਦਿੱਤਾ। ਇਸ ਤੋਂ ਬਾਅਦ ਇਰਸ਼ਾਦ ਨਿਆਜ਼ੀ ਸਾਹਿਬ ਨੇ ਉਸਦੀ ਸ਼ਾਇਰੀ ਦੀ ਰਹਿਨੁਮਾਈ ਕਰਦਿਆਂ ਉਸਦੀਆਂ ਲਿਖਤਾਂ ਨੂੰ ਹੋਰ ਵੀ ਨਿਖਾਰਿਆ ।ਉਸ ਦੀ ਸ਼ਾਇਰੀ ਵਿਚ ਜਿੱਥੇ ਪਿਆਰ ਮੁਹੱਬਤ ਅਤੇ ਰੰਜ ਓ ਗਮ ਦੀ ਝਲਕ ਮਿਲਦੀ ਹੈ ਉੱਥੇ ਪਰੰਪਰਾਗਤ ਲੀਹਾਂ ਤੋਂ ਹਟ ਕੇ ਉਹ ਆਪਣੀਆਂ ਲਿਖਤਾਂ ਵਿੱਚ ਔਰਤਾਂ ਨੂੰ ਦਰਪੇਸ਼ ਸਮੱਸਿਆਵਾਂ ,ਸਮਾਜਿਕ ਕਾਣੀ ਵੰਡ ,ਮਨੁੱਖੀ ਅਧਿਕਾਰਾਂ ਦੇ ਹੋ ਰਹੇ ਘਾਣ ਤੇ ਦੱਬੇ ਕੁਚਲਿਆਂ ਦੇ ਦੁੱਖਾਂ ਦੀ ਗੱਲ ਕਰਦਿਆਂ ਅਨੇਕਾਂ ਹੋਰ ਗੈਰਮਨੁੱਖੀ ਅਤੇ ਅਨੈਤਿਕ ਵਰਤਾਰਿਆਂ ਤੇ ਉਂਗਲ ਧਰਦੀ ਹੈ। ਉਸ ਦੀ ਲਿਖਤ ਵਿਚਲੇ ਵਿਸ਼ਿਆਂ ਦੀ ਪਹੁੰਚ ਸਥਾਨਕ ਸਮਾਜ ਤੋਂ ਲੈ ਕੇ ਆਲਮੀ ਪੱਧਰ ਤੱਕ ਦੇ ਮਸਲਿਆਂ ਨੂੰ ਪਕੜ ਚ ਲੈਣ ਦੇ ਸਮਰੱਥ ਹੈ ।



ਉਸਨੇ ਹੁਣ ਤੱਕ ਤਿੰਨ 'ਕਾਵਿ-ਸੰਗ੍ਰਹਿ ' ਪਾਠਕਾਂ ਦੀ ਝੋਲੀ ਪਾਏ ਹਨ,ਜਿਹਨਾਂ ਵਿੱਚ 'ਸਿਆਹ ਚਾਂਦ'(2021), 'ਨਜ਼ਮ ਨਜ਼ਮ ਹੈ ਅਕਸ ਮੇਰਾ'(2025) 'ਹੀਰ ਔਰ ਮੈਂ' (2025) ਅਤੇ ਚੌਥਾ ਕਾਵਿ ਸੰਗ੍ਰਹਿ 'ਕਿਨਾਰਾ ਨਾ ਕੀਜੀਏ' ਛਾਪੇ ਚੜ੍ਹਿਆ ਹੋਇਆ ਏ ,ਜਲਦ ਹੀ ਲੋਕ ਅਰਪਣ ਹੋਵੇਗਾ 2026 ਵਿਚ ।ਉਸਦਾ ਕਹਿਣਾ ਹੈ ਕਿ ਪੰਜਾਬੀ ਤੇ ਉਰਦੂ ਤੋਂ ਇਲਾਵਾ ਜਲਦ ਹੀ ਉਹ ਸਰਾਇਕੀ ਜ਼ੁਬਾਨ ਵਿਚ ਵੀ ਕਾਵਿ-ਰਚਨਾ ਕਰਨ ਜਾ ਰਹੀ ਹੈ ।ਸਾਹਿਤ ਤੇ ਸਭਿਆਚਾਰ ਦੀ ਤਰੱਕੀ ਲਈ ਉਹ ਅਦਬੀ ਤਨਜ਼ੀਮ 'ਬਜ਼ਮ ਤਸਨੀਮ ਬੁਖ਼ਾਰੀ ਇੰਟਰਨੈਸ਼ਨਲ' ਜਿਸ ਦੀ ਕਿ ਉਹ ਚੇਅਰਪਰਸਨ ਵੀ ਹੈ,ਦੇ ਸਹਿਯੋਗ ਨਾਲ ਗਾਹੇ ਬਗਾਹੇ ਮੁਸ਼ਾਇਰੇ ਤੇ ਸੈਮੀਨਾਰ ਕਰਾਉਣ ਚ ਅਹਿਮ ਭੂਮਿਕਾ ਨਿਭਾਉਂਦੀ ਰਹਿੰਦੀ ਹੈ। ਉਹ ਕਹਿੰਦੀ ਹੈ "ਕਵਿਤਾ ਉਸ ਦੀ ਰੂਹ ਦੀ ਖ਼ੁਰਾਕ ਹੈ,ਸ਼ਾਇਰੀ ਉਸ ਲਈ ਸਿਰਫ ਸ਼ੌਕ ਜਾ ਮਨੋਰੰਜਨ ਹੀ ਨਹੀਂ ,ਇਕ ਮਕਸਦ ਵੀ ਹੈ ਜਿਸ ਰਾਹੀਂ ਅਸੀਂ ਸੋਹਣੇ ਸਮਾਜ ਦੀ ਸਿਰਜਣਾ ਵਾਸਤੇ ਸੰਦੇਸ਼ ਦੇਣਾ ਹੁੰਦਾ ਹੈ, ਸ਼ਾਇਰੀ ਰੱਬੀ ਦਾਤ ਹੈ ਜਿਸ ਦੇ ਜਰੀਏ ਮਨੁੱਖਤਾ ਦੀ ਖਿਦਮਤ ਹਿੱਤ ਲੋਕ ਮਨਾਂ ਦੀ ਤਰਜ਼ਮਾਨੀ ਕਰਦਿਆਂ ਬੇਪਨਾਹ ਸਕੂਨ ਮਿਲਦਾ ਹੈ।"

ਜਿੱਥੇ ਉਹ ਇਕ ਵਧੀਆ ਸ਼ਾਇਰਾ ਤੇ ਲੇਖਿਕਾ ਹੈ ਉੱਥੇ ਸਮਾਜ ਸੇਵਾ ਦੇ ਕਾਰਜਾਂ ਵਿਚ ਵੀ ਸਦਾ ਤਤਪਰ ਰਹਿੰਦੀ ਹੈ ।ਦੀਨ ਦੁਖੀਆਂ ਲਈ ਉਹ ਕੇਵਲ ਕਲਮੀ ਇਮਦਾਦ ਹੀ ਨਹੀਂ ਕਰਦੀ ਬਲਕਿ ਅਮਲੀ ਤੌਰ 'ਤੇ ਵੀ ਜ਼ਮੀਨੀ ਪੱਧਰ ਉੱਤੇ ਗਤੀਸ਼ੀਲ ਹੈ। ਜਿੱਥੇ ਉਹ ਸਮਾਜ ਸੇਵੀ ਜਥੇਬੰਦੀ "ਤਸਨੀਮ ਬੁਖ਼ਾਰੀ ਵੈਲਫੇਅਰ ਫਾਉਂਡੇਸ਼ਨ÷ ਜਿਸਦੀ ਕਿ ਉਹ ਸੰਸਥਾਪਕ ਚੇਅਰਪਰਸਨ ਹੈ ਰਾਹੀਂ ਸਮਾਜ ਭਲਾਈ ਦੇ ਕੰਮਾਂ ਵਿਚ ਵਧ ਚੜ੍ਹ ਕੇ ਯੋਗਦਾਨ ਪਾਉਂਦੀ ਰਹਿੰਦੀ ਹੈ ਉਹ ਬੇਸਹਾਰਾ ਬੱਚਿਆਂ ,ਔਰਤਾਂ ਜਾਂ ਗਰੀਬਾਂ ਦੀ ਆਵਾਜ਼ ਤਾਂ ਬਣਦੀ ਹੀ ਹੈ ਇਸਦੇ ਨਾਲ ਹੀ ਉਹ ਆਲਮੀ ਪੱਧਰ ਤੇ ਸਾਮਰਾਜੀ ਤਾਕਤਾਂ ਵੱਲੋਂ ਦਬਾਏ ਜਾ ਰਹੇ ਪੀੜਤਾਂ ਦੇ ਹੱਕ ਵਿੱਚ ਵੀ ਆਵਾਜ ਬੁਲੰਦ ਕਰਦੀ ਰਹਿੰਦੀ ਹੈ ਬੇਸ਼ੱਕ ਉਹ ਫਲਸਤੀਨੀ ਲੋਕਾਂ ਨਾਲ ਹੋ ਰਹੇ ਜਬਰ -ਜੁਲਮ ਦੀ ਗੱਲ ਹੋਵੇ ਜਾਂ ਆਲਮੀ ਪੱਧਰ ਉੱਤੇ ਕਿਸੇ ਹੋਰ ਧੱਕੇ-ਧੋੜੇ ਦੀ। ਉਹ ਮਨੁੱਖੀ ਫਰਜ਼ਾਂ ,ਅਧਿਕਾਰਾਂ ਤੇ ਇਨਸਾਨੀ ਕਦਰਾਂ ਕੀਮਤਾਂ ਦੀ ਇਕ ਪ੍ਰਤੀਬੱਧ ਤੇ ਸੁਚੇਤ ਮੁਦਈ ਧਿਰ ਬਣ ਕੇ ਉਭਰੀ ਹੈ।

ਉਸਦੀ ਸਾਹਿਤਕ ਦੇਣ ਅਤੇ ਸਮਾਜ ਸੇਵਾ ਬਦਲੇ ਬਹੁਤ ਸਾਰੀਆਂ ਸਾਹਿਤਕ ਤੇ ਸਮਾਜ ਸੇਵੀ ਸੰਸਥਾਵਾਂ ਨੇ ਉਸ ਨੂੰ ਰੱਜਵਾਂ ਮਾਣ ਸਨਮਾਨ ਦਿੱਤਾ ਹੈ ਅਗਰ ਉਸਨੂੰ ਮਿਲੇ ਮਾਣ ਸਨਮਾਨਾਂ ਦਾ ਜ਼ਿਕਰ ਕਰਨ ਲੱਗੀਏ ਤਾਂ ਸੂਚੀ ਕਾਫੀ ਲੰਬੀ ਹੋ ਜਾਵੇਗੀ ।ਉਸਦਾ ਕਹਿਣਾ ਹੈ ਕਿ ਬੇਸ਼ੱਕ ਵੱਖੋ ਵੱਖ ਸੰਸਥਾਵਾਂ ਨੇ ਉਸਦੀ ਝੋਲੀ ਬੇਹੱਦ ਸਨਮਾਨ ਪਾਇਆ ਹੈ ਪਰ ਆਮ ਲੋਕਾਂ ਵੱਲੋਂ ਮਿਲਦਾ ਪਿਆਰ ਤੇ ਸਤਿਕਾਰ ਉਸ ਲਈ ਅਨਮੋਲ ਸਰਮਾਇਆ ਹੈ।

ਪੇਸ਼ ਹਨ ਉਸਦੀਆਂ ਕੁਝ ਨਜ਼ਮਾਂ:

1)

ਨਏ ਚਿਰਾਗ਼ ਜਲਾਨੇ ਮੇਂ ਇਕ ਜ਼ਮਾਨਾ ਲਗਾ।
ਉਸੇ ਮਕਾਨ ਬਨਾਣੇ ਮੇਂ ਇਕ ਜ਼ਮਾਨਾ ਲਗਾ।

ਯੇ ਦਿਲ ਉਦਾਸ ਰਹਾ ਉਮਰ ਭਰ ਸੋ ਹਮ ਕੋ ਭੀ,
ਕਿਸੀ ਕੀ ਯਾਦ ਭੁਲਾਨੇ ਮੇਂ ਇਕ ਜ਼ਮਾਨਾ ਲਗਾ।

ਕਰੀਬ ਹੋਤੇ ਗਏ ਇਕ ਦੂਸਰੇ ਕੇ ਮਗਰ ,
ਪੁਰਾਣੀ ਸ਼ਕਲ ਭੁਲਾਨੇ ਮੇਂ ਇਕ ਜ਼ਮਾਨਾ ਲਗਾ।

ਰੁਕਾ ਨਹੀਂ ਹੈ ਯਹਾਂ ਪਰ ਵੋਹ ਇਕ ਲਮਹਾ ਭੀ,
ਜਿਸੇ ਯਹਾਂ ਪੇ ਬੁਲਾਨੇ ਮੇਂ ਇਕ ਜ਼ਮਾਨਾ ਲਗਾ।

ਉਸੇ ਭੀ ਨੀਂਦ ਨਹੀਂ ਆਈ ਰਾਤ ਭਰ 'ਤਸਨੀਮ',
ਹਮੇਂ ਭੀ ਖ਼ਾਬ ਦਿਖਾਨੇ ਮੇਂ ਇਕ ਜ਼ਮਾਨਾ ਲਗਾ।

2)

ਰਾਤ ਅੱਖਾਂ ਤੋਂ ਓਝਲ ਕਰਦੇ।
ਮੈਨੂੰ ਉਹਦੇ ਕਾਬਲ ਕਰਦੇ।

ਉਹਦੀ ਖ਼ੁਸ਼ਬੂ ਨਾਂ ਆਵੇ ਤਾਂ,
ਬੇਸ਼ੱਕ ਦਿਲ ਨੂੰ ਜੰਗਲ਼ ਕਰਦੇ।

ਸਭ ਦੇ ਸਿਰ ਤੇ ਛਾਂ ਆਵੇਗੀ,
ਧਰਤੀ ਉੱਤੇ ਬੱਦਲ ਕਰਦੇ।

ਜ਼ਿੰਦਗੀ ਵਿਚ ਤਾਂ ਪਿਆਸ ਈ ਪਿਆਸ ਏ,
ਸੁਫ਼ਨੇ ਵਿਚ ਤਾਂ ਜਲਥਲ ਕਰਦੇ।

ਮੇਰੀ ਦੁਨੀਆ ਵਿਚ ਉਹ ਆਵੇ,
ਲਾ ਹਾਸਲ ਵੀ ਹਾਸਲ ਕਰਦੇ।

ਅੰਤ ਵਿੱਚ ਮੈਂ ਕਾਮਨਾ ਕਰਦਾ ਹਾਂ ਕਿ ਸਯੱਦਾ ਤਸਨੀਮ ਬੁਖਾਰੀ ਆਪਣੀ ਕਲਮ ਦੇ ਸਫਰ ਅਤੇ ਸਮਾਜ ਸੇਵਾ ਦੇ ਅਮਲ ਨੂੰ ਏਸੇ ਤਰ੍ਹਾਂ ਨਿਰੰਤਰ ਜਾਰੀ ਰੱਖਦੇ ਹੋਏ ਜਿੱਥੇ ਸਾਹਿਤ ਦੇ ਖੇਤਰ ਨੂੰ ਹੋਰ ਅਮੀਰ ਬਣਾਉਣ ਵਿੱਚ ਸਹਾਈ ਹੋਣਗੇ ਉੱਥੇ ਸੋਹਣਾ ਤੇ ਨਰੋਆ ਸਮਾਜ ਸਿਰਜਣ ਲਈ ਏਦਾਂ ਹੀ ਆਪਣਾ ਭਰਵਾਂ ਯੋਗਦਾਨ ਪਾਉਂਦੇ ਰਹਿਣਗੇ। ਆਮੀਨ!

**-ਅਮਰਜੀਤ ਸਿੰਘ ਜੀਤ ਗਜ਼ਲਗੋ**
**ਮੋ. : +91 94172 87122**

## ਬਹੁਤ ਦੁਖਦਾਈ ਖਬਰ ਹੈ ਭਾਈ ਜੈਤੇਗ ਸਿੰਘ ਅਨੰਤ ਕਨੈਡਾ ਅਕਾਲ ਚਲਾਣਾ ਕਰ ਗਏ




ਬਹੁਤ ਕਿਤਾਬਾਂ ਲਿਖੀਆਂ ਅਤੇ ਸੰਪਾਦਨ ਕੀਤੀਆਂ ਪੰਥਕ ਸੋਚ ਦੇ ਧਾਰਨੀ ਸਨ ਭਾਈ ਰਣਧੀਰ ਸਿੰਘ ਦੇ ਸਾਥੀ ਰਹੇ ਸਨ੍ਹ ਸ ਕਪੂਰ ਸਿੰਘ ਹੁਣਾਂ ਨਾਲ ਮਿਲ ਕੇ ਕੰਮ ਕਰਦੇ ਰਹ੍ਹੇ ਆਪਣੀ ਉਮਰ ਦੇ ਆਖਰੀ ਪੜਾਆ ਵਿੱਚ ( ਬੀਮਾਰੀ ਕਾਰਨ ) ਵੀ ਚੜਦੀ ਕਲਾ ਨਾਲ ਰਹ੍ਹੇ ਆਪਣੀ ਲਿਖਤਾਂ, ਤੁਜੁਰਬੇ ਪੱਖੋ ਅਤੇ ਆਪਣੇ



ਆਵਾਜ਼ਿ ਕੌਮ AWAZE QAUM International Newspaper & WEB TV

ਜੀਵਨ ਸਫਰ ਤੇ ਬਹੁਤ ਮਾਣ ਨਾਲ ਗੱਲਾਂ ਕਰਦੇ ਜੋ ਮੇਰੇ ਲਈ ਬਹੁਤ ਦੋਸਤ ਦੀ ਨਿਆਈ ਭਾਵੁਕ ਅਤੇ ਸਿਖਿਆ ਦਾਇਕ ਹੁੰਦੀਆਂ ਮੇਰੇ ਲਈ ਇਕ ਗੁਰੂ ਦੇ ਸਮਾਨ ਸਨ੍ਹ ਸਾਡੀ ਸਾਂਝ ਲੰਮੀ ਸ੍ਹੀ ਮੈਨੂੰ ਜਦ ਵੀ ਕਿਸੇ ਪੱਖ ਤੋ ਜਾਣਕਾਰੀ ਲੈਣੀ ਹੁੰਦੀ ਤਾਂ ਸਾਡੀ ਸੁੱਘੜ ਗੱਲਬਾਤ ਹੁੰਦੀ ਸ੍ਹੀ ਹਿਰਦਾ ਸਾਫ ਸੀ ਗੱਲ ਮੂੰਹ ਤੇ ਕਹਿ ਦਿੰਦੇ ਸ੍ਹੀ ਬਹੁਤ ਕੁਝ ਸਿਖਿਆ ਸ. ਅਨੰਤ ਸਾਬ ਕੋਲ੍ਹੋ ਉਹ ਆਪਣੀ ਸੋਚ ਦੇ ਪੱਕੇ ਪਰਪੱਕ ਰਹ੍ਹੇ ਆਪਣੀ ਸੋਚ ਨੂੰ ਢਾਹ ਬਰਦਾਸਤ ਨਹੀ ਕਰਦੇ ਸਨ।

ਮੇਰੀ ਪਿਛਲੇ ਮਹੀਨੇ 4 ਨਵੰਬਰ ਨੂੰ ਉਹਨਾਂ ਨਾਲ ਗੱਲ ਹੋਈ ਜਦੋ ਉਹਨਾਂ ਦੇ ਧਰਮਪਤਨੀ ਜੀ ਦੇ ਅਕਾਲ ਚਲਾਣੇ ਦਾ ਪਤਾ ਲੱਗਾ ਸ੍ਹੀ ਜੋ ਕੈਂਸਰ ਤੋ ਪੀੜਤ ਸਨ੍ਹ ਤਰੀਬਨ ਦੋ ਮਹੀਨੇ ਬਾਆਦ ਆਪ ਵੀ ਰੰਗਲੇ ਸੰਸਾਰ ਤੋ ਰੁਖਸੁੱਤ ਹੋ ਗਏ। ਅੱਜ ਸਾਲ ਦਾ ਆਖਰੀ ਦਿਨ ਦਾ ਆਖਰੀ ਦੁਖੀ ਕਰਨ ਵਾਲਾ ਸੁਨੇਹਾ ਮਿਲਿਆ ਹੈ। ਵਾਹਿਗੁਰੂ ਸ. ਜੈਤੇਗ ਸਿੰਘ ਅਨੰਤ ਸਾਹਿਬ ਅਤੇ ਉਹਨਾਂ ਦੇ ਧਰਮਪਤਨੀ ਬੀਬੀ ਜਸਪਾਲ ਕੌਰ ਅਨੰਤ ਜੀ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ੍ਹ ਪੀਵਾਰ ਨੂੰ ਭਾਣਾ ਮੰਨਣ ਦਾ ਬੱਲ ਬਖਸ਼ਣ।

**-ਸ.ਦਲਵਿੰਦਰ ਸਿੰਘ ਘੁੰਮਣ**

## ਮੋਹਾਲੀ ਵਿਖੇ ਮੋਰਚੇ ਵਾਲੀ ਥਾਂ ਬੰਦੀ ਸਿੰਘਾ ਦੀ ਰਿਹਾਈ ਲਈ 7 ਜਨਵਰੀ ਦਿਨ ਬੁੱਧਵਾਰ 2026 ਨੂੰ ਅਖੰਡਪਾਠ ਸਾਹਿਬ ਜੀ ਦੇ ਭੋਗ , ਅਰਦਾਸ ਅਤੇ ਪੰਥਕ ਇਕੱਠ ਵਿੱਚ ਪਹੁੰਚਣ ਦੀ ਅਪੀਲ : ਕੌਮੀ ਇਨਸਾਫ਼ ਮੋਰਚਾ

**ਫਤਹਿਗੜ ਸਾਹਿਬ, 1 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਬੰਦੀ ਸਿੰਘ ਦੀ ਰਿਹਾਈ ਲਈ ਸੰਘਰਸ਼ ਨੂੰ ਅੰਤਰਾਸਟਰੀ ਪੱਧਰ ਤੱਕ ਲੈ ਕੇ ਜਾਇਆ ਜਾਏਗਾ ਪਹਿਲੇ ਪੜਾਆ ਵਿੱਚ ਅਸੀ ਕੌਮੀ ਇਨਸਾਫ਼ ਮੋਰਚੇ ਵੱਲੋਂ ਬਹੁਤ ਜਲਦੀ ਦੇਸ਼ ਦੇ ਪ੍ਰਧਾਨ ਮੰਤਰੀ , ਗ੍ਰਹਿ ਮੰਤਰੀ ਅਤੇ

ਆਵਾਜ਼ਿ ਕੌਮ AWAZE QAUM International Newspaper & WEB TV



ਆਪੋਜੀਸਨ ਦੇ ਆਗੂਆਂ ਨਾਲ ਮੁਲਾਕਾਤ ਕਰਨ ਦੇ ਯਤਨ ਕਰਾਂਗੇ । ਅਸੀਂ ਦੇਸ਼ ਦੇ ਹਰ ਮੈਂਬਰ ਪਾਰਲੀਮੈਂਟ ਨੂੰ ਵੀ ਬੰਦੀ ਸਿੰਘਾ ਦੀ ਰਿਹਾਈ ਲਈ ਸਹਿਯੋਗ ਦੇਣ ਸਬੰਧੀ ਪੱਤਰ ਲਿਖਾਂਗੇ । ਪੰਜਾਬ ਦੇ ਸਾਰੇ ਮੈਂਬਰ ਪਾਰਲੀਮੈਂਟਾਂ ਨਾਲ ਵੀ ਕੌਮੀ ਇਨਸਾਫ਼ ਮੋਰਚੇ ਵੱਲੋ ਮੀਟਿੰਗ ਕਰਕੇ ਉਹਨਾ ਨੂੰ ਸਾਂਝੇ ਰੂਪ ਵਿੱਚ ਬੰਦੀ ਸਿੰਘਾ ਦੀ ਰਿਹਾਈ ਦੇ ਮਸਲੇ ਨੂੰ ਭਾਰਤ ਦੀ ਪਰਲੀਮੈਟ ਵਿੱਚ ਉਠਾਉਣ ਦੀ ਵੀ ਅਪੀਲ ਕਰਾਂਗੇ ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਦੱਸਿਆ ਕਿ ਅਗਰ ਭਾਰਤ ਸਰਕਾਰ ਨੇ ਸਾਡੀ ਅਪੀਲ ਉੱਤੇ ਕੋਈ ਗੌਰ ਨਾ ਕੀਤਾ ਤਾ ਅਸੀਂ ਅਗਲੇ ਪੜਾਅ ਵਿੱਚ ਦੁਨੀਆਂ ਭਰ ਦੇ ਹਰ ਦੇਸ਼ ਤੱਕ ਅਪਣੀ ਅਵਾਜ਼ ਪਹੁੰਚਾਉਣ ਲਈ ਭਾਰਤ ਵਿੱਚ ਸਥਿੱਤ ਹਰ ਦੇਸ਼ ਦੀ ਅੰਬੈਸੀ ਰਾਹੀ ਉਸ ਦੇਸ਼ ਮੁਖੀ ਨੂੰ ਪੱਤਰ ਵੀ ਲਿਖਾਂਗੇ ।ਜੇਕਰ ਫਿਰ ਵੀ ਸਾਡੀ ਗੱਲ ਨਾ ਸੁਣੀ ਗਈ ਤਾਂ ਯੂ ਐਨ ਓ ਦਾ ਬੂਹਾ ਵੀ ਖੜਕਾਵਾਂਗੇ ।ਬੰਦੀ ਸਿੰਘਾ ਦੀ ਰਿਹਾਈ ਲਈ ਲੋਕ ਲਹਿਰ ਬਨਾਉਣ ਲਈ ਬੰਦੀ ਸਿੰਘਾ ਦੇ ਪਿੰਡਾਂ ਵਿੱਚ " ਚੜਦੀ ਕਲਾ ਪੰਥਕ ਇਕੱਠ " ਕਰਾਂਗੇ ਅਤੇ ਇਹਨਾਂ ਇਕੱਠਾਂ ਰਾਹੀ ਹਰ ਪਿੰਡ ਦੀ ਪੰਚਾਇਤ , ਗੁਰਦੁਆਰਾ ਪ੍ਰਬੰਧਕ ਕਮੇਟੀ , ਮੰਦਰ ਕਮੇਟੀ , ਮਸਜਿੱਦ ਕਮੇਟੀ , ਯੂਥ ਕਲੱਬਾਂ ਅਤੇ ਹਰ ਇਨਸਾਫ ਪਸੰਦ ਵੀਰਾਂ ਨੂੰ ਬੇਨਤੀ ਕਰਾਂਗੇ ਕਿ ਉਹ ਬੰਦੀ ਸਿੰਘਾ ਦੀ ਰਿਹਾਈ ਲਈ ਕੇਂਦਰ ਸਰਕਾਰ ਨੂੰ ਮਤੇ ਪਾਕੇ ਭੇਜਣ ।ਕੌਮੀ ਇਨਸਾਫ਼ ਮੋਰਚੇ ਵੱਲੋ ਜਥੇਦਾਰ ਕਰਨੈਲ ਸਿੰਘ ਪੰਜੋਲੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪਰਬੰਧਤ ਕਮੇਟੀ ਨੇ , ਸ਼੍ਰੋਮਣੀ ਗੁਰਦੁਆਰਾ ਪਰਬੰਧਕ ਕਮੇਟੀ , ਹਰਿਆਣਾ ਸਿੱਖ ਗੁਰਦੁਆਰਾ ਪਰਬੰਧਕ ਕਮੇਟੀ , ਦਿੱਲੀ ਸਿੱਖ ਗੁਰਦੁਆਰਾ ਮਨੇਜਮੈਟ ਕਮੇਟੀ , ਦਮਦਮੀ ਟਕਸਾਲ ਦੇ ਸਾਰੇ ਧੜਿਆਂ, ਸਾਰੀਆ ਕਿਸਾਨ ਜਥੇਬੰਦੀਆ , ਸਾਰੀਆਂ ਧਾਰਮਿੱਕ ਜਥੇਬੰਦੀਆ , ਸਾਰੀਆ ਪੰਥਕ ਜਥੇਬੰਦੀਆ , ਦੱਲ ਖਾਲਸਾ ਜਥੇਬੰਦੀ , ਸਾਰੀਆ ਫੈਡਰੇਸਨਾ ,ਸਾਰੀਆਂ ਸਮਾਜਿਕ ਜਥੇਬੰਦੀਆ ,ਸਾਰੀਆਂ ਨਿਹੰਗ ਸਿੰਘ ਜਥੇਬੰਦੀਆ ,ਸਾਰੀਆਂ ਸੰਤ ਸੰਪਰਦਾਵਾਂ , ਸਾਰੇ ਅਕਾਲੀ ਧੜਿਆਂ ਅਤੇ ਖਾਸ ਕਰਕੇ ਪੰਜਾਬ ਦੇ ਸਾਰੇ ਮੈਂਬਰ ਪਾਰਲੀਮੈਂਟ ਅਤੇ ਸਾਰੇ ਰਾਜ ਸਭਾ ਮੈਂਬਰਾਂ ਨੂੰ ਬਹੁਤ ਹੀ ਅਦਬ ਸਤਿਕਾਰ ਸਾਹਿਤ ਬੇਨਤੀ ਕੀਤੀ ਹੈ ਕਿ ਉਹ 7 ਜਨਵਰੀ ਦਿਨ ਬੁੱਧਵਾਰ 2026 ਨੂੰ ਸਵੇਰੇ 11 ਵਜੇ ਮੋਹਾਲੀ ਮੋਰਚੇ ਵਾਲੀ ਥਾਂ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ , ਅਰਦਾਸ ਅਤੇ ਪੰਥਕ ਇਕੱਠ ਵਿੱਚ ਸ਼ਾਮਲ ਹੋ ਕੇ ਬੰਦੀ ਸਿੰਘਾ ਦੀ ਰਿਹਾਈ ਲਈ ਕੀਤੇ ਜਾ ਰਹੇ ਸੰਘਰਸ਼ ਸਬੰਧੀ ਅਪਣੇ ਵਿਚਾਰ ਦੇਣ ਲਈ ਜ਼ਰੂਰ ਹਾਜ਼ਰੀ ਭਰਨ ਦੀ ਕਿਰਪਾਲਤਾ ਕਰਨ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੋਹ ਮਹੀਨੇ ਦੇ ਸ਼ਹੀਦਾਂ ਨੂੰ ਸਮਰਪਿਤ ਤਖਤ ਸਾਹਿਬ ਵਿਖੇ ਚੱਲ ਰਿਹਾ

# ਨਾਮ ਸਿਮਰਨ ਸਮਾਗਮ ਹੋਇਆ ਸਮਾਪਤ





ਤਲਵੰਡੀ ਸਾਬੋ, 01 ਜਨਵਰੀ (ਗੁਰਜੰਟ ਸਿੰਘ ਨਥੇਹਾ)– ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ, ਮਾਤਾ ਗੁਜ਼ਰ ਕੌਰ ਜੀ, ਚਾਰੇ ਸਾਹਿਬਜ਼ਾਦਿਆਂ ਅਤੇ ਪੋਹ ਮਹੀਨੇ ਦੇ ਸ਼ਹੀਦ ਸਮੂਹ ਸਿੰਘਾਂ/ਸਿੰਘਣੀਆਂ ਅਤੇ ਭੁਝੰਗੀਆਂ ਦੀ ਯਾਦ ਨੂੰ ਸਮਰਪਿਤ ਕਰਕੇ 1 ਪੋਹ ਤੋਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਗੁਰਦੁਆਰਾ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਵਿਖੇ ਆਰੰਭਿਆ ਨਾਮ ਸਿਮਰਨ ਸਮਾਗਮ ਅੰਗਰੇਜ਼ੀ ਵਰ੍ਹੇ 2025 ਦੇ ਅੰਤਲੇ ਦਿਨ 31 ਦਸੰਬਰ ਦੇਰ ਸ਼ਾਮ ਨੂੰ ਸਮਾਪਤ ਹੋ ਗਿਆ। ਸਮਾਪਤੀ ਸਮਾਗਮ ਵਿੱਚ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਨੇ ਵਿਸ਼ੇਸ਼ ਤੌਰ ’ਤੇ ਸ਼ਮੂਲੀਅਤ ਕੀਤੀ। ਨਾਮ ਸਿਮਰਨ ਸਮਾਗਮ ਦੇ ਅੰਤਲੇ ਦਿਨ ਵੀ ਗੁ:ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਵਿਖੇ ਇਕੱਤਰ ਵੱਡੀ ਗਿਣਤੀ ਸੰਗਤਾਂ ਨੇ ਜਿੱਥੇ ਗੁਰਮੰਤਰ ਦੇ ਜਾਪ ਕੀਤੇ ਉੱਥੇ ਇਸ ਮੌਕੇ ਬੱਚਿਆਂ ਦੇ ਵਾਰ ਤੇ ਕਵਿਤਾ ਗਾਇਨ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ’ਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਨੂੰ ਜਿੱਥੇ ਸਿੰਘ ਸਾਹਿਬ ਜਥੇਦਾਰ ਬਾਬਾ ਟੇਕ ਸਿੰਘ ਵੱਲੋਂ ਸਨਮਾਨਿਤ ਕੀਤਾ ਗਿਆ ਉੱਥੇ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਪ੍ਰਸ਼ੰਸਾ ਪੱਤਰ ਦਿੱਤੇ ਗਏ। ਮੁਕਾਬਲਿਆਂ ਦੌਰਾਨ ਪੰਜੇ ਬਾਣੀਆਂ ’ਚੋਂ ਗੁਰਬਾਣੀ ਦੀਆਂ ਪਾਵਨ ਤੁਕਾਂ ਨੂੰ ਸ਼ੁੱਧ ਰੂਪ ਚ ਸੁਣਾਉਣ ਵਾਲੀਆਂ ਦੋ ਵਿਦਿਆਰਥਣਾਂ ਜੋਤਸਰੂਪ ਕੌਰ ਪੁੱਤਰ ਸੂਰਜਪ੍ਰਕਾਸ਼ ਸਿੰਘ ਅਤੇ ਕਾਸ਼ਦੀਪ ਕੌਰ ਪੁੱਤਰੀ ਗੁਰਭੇਜ ਸਿੰਘ ਨੂੰ ਜਥੇਦਾਰ ਬਾਬਾ ਟੇਕ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 10–10 ਹਜ਼ਾਰ ਰੁਪਏ ਸਨਮਾਨ ਵਜੋਂ ਦੇਣ ਦਾ ਐਲਾਨ ਕੀਤਾ। ਆਪਣੇ ਸੰਬੋਧਨ ਵਿੱਚ ਜਥੇਦਾਰ ਬਾਬਾ ਟੇਕ ਸਿੰਘ ਨੇ ਮਾਤਾ ਗੁਜ਼ਰ ਕੌਰ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਲਾਸਾਨੀ ਦੱਸਦਿਆਂ ਪੋਹ ਮਹੀਨੇ ਦੇ ਸਮੂਹ ਸ਼ਹੀਦਾਂ ਦੀ ਕੁਰਬਾਨੀ ਨੂੰ ਸਿਜਦਾ ਕੀਤਾ। ਉਨਾਂ ਨੇ ਗੁਰਬਾਣੀ ਨਾਲ ਜੁੜੇ ਬੱਚਿਆਂ ਦੀ ਸ਼ਲਾਘਾ ਕਰਦਿਆਂ ਸਮੁੱਚੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇ ਸਮੁੱਚੇ ਇਤਿਹਾਸ ਬਾਰੇ ਪੜਾਉਣ ਤਾਂਕਿ ਬੱਚੇ ਬਾਣੀ ਅਤੇ ਬਾਣੇ ਦੇ ਧਾਰਣੀ ਬਣ ਸਕਣ। ਤਖਤ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ ਨੇ ਨਾਮ ਸਿਮਰਨ ਦੀ ਸਮਾਪਤੀ ਦੀ ਅਰਦਾਸ ਕੀਤੀ ਜਦੋਂਕਿ ਸਮਾਪਤੀ ਮੌਕੇ ਤਖਤ ਸਾਹਿਬ ਦੇ ਮੈਨੇਜ਼ਰ ਭਾਈ ਨਰਿੰਦਰਜੀਤ ਸਿੰਘ, ਮੀਤ ਮੈਨੇਜ਼ਰ ਮਨਦੀਪ ਸਿੰਘ ਮਾਖਾ ਤੋਂ ਇਲਾਵਾ ਪ੍ਰਬੰਧਕ ਤੇ ਮੁਹਤਬਰ ਵੀ ਮੌਜੂਦ ਨਜ਼ਰ ਆਏ।

**ਸਮਾਪਤੀ ’ਤੇ ਧਾਰਮਿਕ ਮੁਕਾਬਲੇ ਦੇ ਜੇਤੂ ਵਿਦਿਆਰਥੀਆਂ ਨੂੰ ਜਥੇਦਾਰ ਬਾਬਾ ਟੇਕ ਸਿੰਘ ਨੇ ਕੀਤਾ ਸਨਮਾਨਿਤ**

### ਨੰਬਰਦਾਰਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਚਲਦਿਆਂ

# ਮੀਟਿੰਗ ਵਿਚ ਪਾਸ ਕੀਤੇ ਤਿੰਨ ਮਤੇ



ਫ਼ਿਰੋਜ਼ਪੁਰ, 01 ਜਨਵਰੀ (ਮਨੋਹਰ ਲਾਲ) :— ਨੰਬਰਦਾਰਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਲੈ ਕੇ ਅੱਜ ਨੰਬਰਦਾਰ ਯੂਨੀਅਨ ਫ਼ਿਰੋਜ਼ਪੁਰ ਦੀ ਮੀਟਿੰਗ ਦਫਤਰ ਨੰਬਰਦਾਰ ਫ਼ਿਰੋਜ਼ਪੁਰ ਛਾਉਣੀ ਵਿਖੇ ਹੋਈ, ਜਿਥੇ ਸਮੂਹ ਲੋਕਾਈ ਦੀ ਚੜ੍ਹਦੀ ਕਲਾਂ ਦੀ ਅਰਦਾਸ ਕਰਨ ਉਪਰੰਤ ਤਿੰਨ ਮਤੇ ਸਰਬਸੰਮਤੀ ਨਾਲ ਪਾਸ ਕੀਤੇ ਗਏ, ਜਿਸ ਉਪਰੰਤ ਨੰਬਰਦਾਰਾਂ ਦਾ ਇਕ ਵਫਦ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਵੀ ਮਿਲਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੀਨੀਅਰ ਨੰਬਰਦਾਰ ਪਰਮਜੀਤ ਕੌਰ ਸੋਢੀ ਨੇ ਦੱਸਿਆ ਕਿ ਨੰਬਰਦਾਰ ਯੂਨੀਅਨ ਵੱਲੋਂ ਪਾਸ ਕੀਤੇ ਪਹਿਲੇ ਮਤੇ ਵਿਚ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਪਿੰਡਾਂ ਦੀਆਂ ਹਰ ਤਰ੍ਹਾਂ ਦੀਆਂ ਤਸਦੀਕਾਂ ਵਿਚ ਨੰਬਰਦਾਰ ਦੀ ਤਸਦੀਕ ਨੂੰ ਹੀ ਮੰਨਿਆ ਜਾਵੇ ਅਤੇ ਹੋਰ ਬੰਦੇ ਜਿਵੇਂ ਸਾਬਕਾ ਮੈਂਬਰ ਪੰਚਾਇਤ, ਸਰਪੰਚ ਤੇ ਹੋਰ ਵਕੀਲ ਨੂੰ ਇਹ ਤਸਦੀਕਾਂ ਕਰਨ ਤੋਂ ਰੋਕਿਆ ਜਾਵੇ ਅਤੇ ਇਨ੍ਹਾਂ ਦੀਆਂ ਕੀਤੀਆਂ ਤਸਦੀਕਾਂ ਨੂੰ ਨਾ ਮੰਨਿਆ ਜਾਵੇ, ਤਾਂ ਕਿ ਹੇਰਾਫੇਰੀਆਂ ਜੋ ਜਾਇਦਾਦਾਂ ਦੇ ਮਾਮਲਿਆਂ ਵਿਚ ਹੁੰਦੀਆਂ ਹਨ, ਰੁਕ ਸਕਣ। ਗੱਲਬਾਤ ਜਾਰੀ ਰੱਖਦਿਆਂ ਸ੍ਰੀਮਤੀ ਪਰਮਜੀਤ ਕੌਰ ਨੇ ਸਪੱਸ਼ਟ ਕੀਤਾ ਕਿ ਦੂਸਰੇ ਮਤੇ ਵਿਚ ਨੰਬਰਦਾਰਾਂ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਤੇ ਸੂਬਾ ਸਰਕਾਰ ਨੂੰ ਅਪੀਲ ਕੀਤੀ ਕਿ ਨੰਬਰਦਾਰਾਂ ਦੇ ਮਾਣ ਭੱਤੇ ਵਿਚ ਵਾਧਾ ਕਰਕੇ ਘੱਟੋ—ਘੱਟ 5000 ਰੁਪਏ ਮਹੀਨਾ ਕੀਤਾ ਜਾਵੇ, ਕਿਉਂਕਿ 1500 ਰੁਪਏ ਦੀ ਰਕਮ ਬਹੁਤ ਘੱਟ ਹੈ। ਉਨ੍ਹਾਂ ਕਿਹਾ ਕਿ ਗੁਆਂਢੀ ਸੂਬਾ ਹਰਿਆਣਾ ਵਿਚ ਵੀ 3000 ਰੁਪਏ ਤੇ ਹੋਰ ਬਹੁਤ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ, ਇਸ ਕਰਕੇ ਨੰਬਰਦਾਰਾਂ ਦਾ ਮਾਣ ਭੱਤਾ 5000 ਰੁਪਏ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਨੰਬਰਦਾਰ ਦੀ ਮੌਤ ਤੋਂ ਬਾਅਦ ਨਵਾਂ ਨੰਬਰਦਾਰ ਸਿਰਫ ਉਸਦੇ ਪੁੱਤਰ ਨੂੰ ਹੀ ਬਨਾਇਆ ਜਾਵੇ ਤੇ ਇਸ ਨੂੰ ਪਿਤਾ ਪੁਰਖੀ ਕੀਤਾ ਜਾਵੇ। ਇਸ ਮੌਕੇ ਨੰਬਰਦਾਰ ਸੁਰਜੀਤ ਸਿੰਘ, ਜਗਸੀਰ ਸਿੰਘ, ਸੁਖਬੀਰ ਸਿੰਘ, ਵਿਜੈ ਕੁਮਾਰ, ਅੰਗਰੇਜ਼ ਸਿੰਘ, ਤਾਰਾ ਸਿੰਘ, ਦਲਬੀਰ ਸਿੰਘ, ਰਾਮਦਾਸ ਸਿੰਘ, ਸੁਖਪਾਲ ਸਿੰਘ, ਬਲਵਿੰਦਰ ਸਿੰਘ, ਮੰਗਲ ਸਿੰਘ, ਜੁਗਰਾਜ ਸਿੰਘ, ਬੂਟਾ ਸਿੰਘ, ਸਤਪਾਲ, ਸੰਪੂਰਨ ਸਿੰਘ ਆਦਿ ਹਾਜ਼ਰ ਸਨ।

## ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਮੁਹਾਲੀ ਵਿਖੇ ਗੁਰਮਤਿ ਸਮਾਗਮ 7 ਜਨਵਰੀ ਨੂੰ-ਭਾਈ ਨਿਰਭੈ ਸਿੰਘ



ਅਮਰਗੜ੍ਹ ( ਰਣਜੀਤ ਸਿੰਘ ਪੇਧਨੀ ) ਮਹਾਨ ਤਪੱਸਵੀ, ਬ੍ਰਹਮ ਗਿਆਨੀ, ਰਾਜਾਯੋਗੀ ਸੱਚਖੰਡ ਵਾਸੀ ਸ਼੍ਰੀਮਾਨ ਸੰਤ ਬਾਬਾ ਨਰੈਣ ਸਿੰਘ ਜੀ ਮੋਨੀ ਤਪਾ ਦਰਾਜ ਮੁਹਾਲੀ ਵਾਲਿਆਂ ਦੀ ਨਿੱਘੀ ਤੇ ਮਿੱਠੀ ਯਾਦ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 7 ਜਨਵਰੀ ਨੂੰ ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਮੁਹਾਲੀ ਵਿਖੇ ਸੰਤ ਬਾਬਾ ਰਣਜੀਤ ਸਿੰਘ ਜੀ ਤਪਾ ਦਰਾਜ ਮੁਹਾਲੀ ਵਾਲਿਆਂ ਦੀ ਸਰਪ੍ਰਸਤੀ ਹੇਠ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਮੁਹਾਲੀ ਦੇ ਮੁੱਖ ਪ੍ਰਬੰਧਕ ਭਾਈ ਨਿਰਭੈ ਸਿੰਘ ਖਾਲਸਾ ਨੇ ਕੀਤਾ। ਉਨ੍ਹਾਂ ਕਿਹਾ ਕਿ 1 ਜਨਵਰੀ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ ਹੋਣਗੇ। ਜਿਨ੍ਹਾਂ ਦੇ 3 ਜਨਵਰੀ ਨੂੰ ਭੋਗ ਪੈਣਗੇ। 3 ਜਨਵਰੀ ਨੂੰ ਦੁਬਾਰਾ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ ਹੋਣਗੇ ਜਿਨ੍ਹਾਂ ਦੇ 5 ਜਨਵਰੀ ਨੂੰ ਭੋਗ ਪੈਣਗੇ ਅਤੇ 5ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ ਹੋਣਗੇ ਜਿਨ੍ਹਾਂ ਦੇ 7 ਜਨਵਰੀ ਨੂੰ ਭੋਗ ਪੈਣਗੇ ਅਤੇ ਭੋਗ ਉਪਰੰਤ ਮਹਾਨ ਤਪੱਸਵੀ, ਬ੍ਰਹਮ ਗਿਆਨੀ, ਰਾਜਾਯੋਗੀ ਸੱਚਖੰਡ ਵਾਸੀ ਸ਼੍ਰੀਮਾਨ ਸੰਤ ਬਾਬਾ ਨਰੈਣ ਸਿੰਘ ਜੀ ਮੋਨੀ ਤਪਾ ਦਰਾਜ ਮੁਹਾਲੀ ਵਾਲਿਆਂ ਦੀ ਨਿੱਘੀ ਤੇ ਮਿੱਠੀ ਯਾਦ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 7 ਜਨਵਰੀ ਨੂੰ ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਵਿਖੇ ਹੋਵੇਗਾ । ਜਿਸ ਵਿੱਚ ਪੰਥ ਦੇ ਮਹਾਨ ਰਾਗੀ ਢਾਡੀ ਸੰਤ ਮਹਾਪੁਰਸ ਸੰਗਤਾਂ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਨਾ ਕਰਨਗੇ।

## ਬਿਜਲੀ ਬਿੱਲ ਸੋਧ ਬਿੱਲ 2025 ਅਤੇ ਸਰਕਾਰੀ ਜਮੀਨਾਂ ਵੇਚਣ ਦੇ ਖਿਲਾਫ ਬਾਰਡਰ ਜੋਨ ਅੰਮ੍ਰਿਤਸਰ ਵਿਖੇ ਲਗਾਇਆ ਜਾਵੇਗਾ ਵਿਸ਼ਾਲ ਧਰਨਾ-ਕੁਲਦੀਪ ਸਿੰਘ ਉੱਦੋਕੇ



**ਜੰਡਿਆਲਾ ਗੁਰੂ, 1 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਬਿਜਲੀ ਮੁਲਾਜ਼ਮਾਂ ਵਲੋਂ ਡਵੀਜ਼ਨ ਜੰਡਿਆਲਾ ਗੁਰੂ ਵਿਖੇ ਡਵੀਜ਼ਨ ਪ੍ਰਧਾਨ ਬਿਕਰਮਜੀਤ ਸਿੰਘ ਵਲੋਂ ਰੋਸ ਰੈਲੀ ਕੀਤੀ ਗਈ, ਜਿਸ ਵਿਚ ਸਮੂਹ ਬਿਜਲੀ ਮੁਲਾਜ਼ਮਾ ਵਲੋਂ ਮਿਤੀ 02-01-2026 ਦਿਨ ਸ਼ੁੱਕਰਵਾਰ ਨੂੰ ਬਾਰਡਰ ਜੋਨ ਦਫਤਰ ਅੰਮ੍ਰਿਤਸਰ ਵਿਖੇ ਬਿਜਲੀ ਸੋਧ ਬਿੱਲ 2025 ,ਬੀਜ ਬਿੱਲ 2025 ਨੂੰ ਰੱਦ ਕਰਾਉਣ ਅਤੇ ਬਿਜਲੀ ਬੋਰਡ ਦੀਆਂ ਸਰਕਾਰੀ ਜ਼ਮੀਨਾਂ ਨੂੰ ਵੇਚਣ ਤੋਂ ਰੋਕਣ ਲਈ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ। ਮੁਲਾਜ਼ਮ ਆਗੂਆ ਵਲੋਂ ਇਸ ਰੋਸ ਧਰਨੇ ਵਿਚ ਸਮੂਹ ਮੁਲਾਜ਼ਮਾਂ ਨੂੰ ਪਹੁੰਚਣ ਦੀ ਅਪੀਲ ਕੀਤੀ ਗਈ। ਇਸ ਮੌਕੇ ਤੇ ਸੂਬਾ ਆਗੂ ਕੁਲਦੀਪ ਸਿੰਘ ਉਦੋਕੇ, ਪ੍ਰਧਾਨ ਦਲਬੀਰ ਸਿੰਘ ਜੌਹਲ, ਗੁਰਿੰਦਰ ਸਿੰਘ ਸਰਕਲ ਪ੍ਰਧਾਨ, ਜੈਮਲ ਸਿੰਘ ਬਾਰਡਰ ਜੋਨ ਪ੍ਰਧਾਨ, ਮਨੋਜ ਕੁਮਾਰ, ਜੋਗਿੰਦਰ ਸਿੰਘ ਸੋਢੀ, ਅਮਨਦੀਪ ਸਿੰਘ ਜਾਣੀਆਂ, ਅਵਤਾਰ ਸਿੰਘ ਹਰਜਿੰਦਰ ਸਿੰਘ ਸੋਨੂ, ਰਵਿੰਦਰਪਾਲ ਸਿੰਘ, ਗੁਰਜਿੰਦਰ ਸਿੰਘ, ਅਨਿਲ ਕੁਮਾਰ ,ਹਰਮਨਦੀਪ ਸਿੰਘ, ਸੁਖਦੇਵ ਸਿੰਘ, ਪ੍ਰਧਾਨ ਗਗਨਦੀਪ ਸਿੰਘ ਸਪੋਟ ਬਿਲਿੰਗ ਇੰਚਾਰਜ ਪੰਜਾਬ, ਅਤੇ ਹੋਰ ਮੁਲਜ਼ਮ ਆਗੂਆਂ ਨੇ ਮੀਟਿੰਗ ਵਿੱਚ ਹਿੱਸਾ ਲਿਆ।

## ਰੋਟਰੀ ਕਲੱਬ ਫ਼ਿਰੋਜ਼ਪੁਰ ਨੇ ਲੋੜਵੰਦਾਂ ਨੂੰ ਕੰਬਲ ਵੰਡ ਕੇ ਕੀਤਾ ਨਵੇਂ ਸਾਲ ਦਾ ਆਗਾਜ



ਫ਼ਿਰੋਜ਼ਪੁਰ, 01 ਜਨਵਰੀ (ਮਨੋਹਰ ਲਾਲ) :— ਇਲਾਕੇ ਵਿਚ ਸਮਾਜ ਸੇਵੀ ਕਾਰਜ ਕਰਦੀ ਆ ਰਹੀ ਰੋਟਰੀ ਕਲੱਬ ਫ਼ਿਰੋਜ਼ਪੁਰ ਵੱਲੋਂ ਨਵੇਂ ਸਾਲ ਦੇ ਸ਼ੁਭ ਦਿਹਾੜੇ ਨੂੰ ਦੇਖਦੇ ਹੋਏ ਲੋੜਵੰਦ ਵਿਅਕਤੀਆਂ ਨੂੰ ਕੰਬਲ ਵੰਡੇ ਗਏ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਰੋਟਰੀ ਕਲੱਬ ਫ਼ਿਰੋਜ਼ਪੁਰ ਦੇ ਪ੍ਰਧਾਨ ਕਿਰਪਾਲ ਸਿੰਘ ਮੱਕੜ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਦੇ ਧਿਆਨ ਵਿਚ ਆਇਆ ਸੀ ਕਿ ਇਲਾਕੇ ਵਿਚ ਕਈ ਲੋੜਵੰਦ ਵਿਅਕਤੀ ਠੰਡ ਨਾਲ ਠਰੂ—ਠਰੂ ਕਰ ਰਹੇ ਹਨ, ਜਿਸ ਦੇ ਚਲਦਿਆਂ ਤੁਰੰਤ ਰੋਟਰੀ ਕਲੱਬ ਵੱਲੋਂ ਨਿਰਣਾ ਲੈਂਦੇ ਹੋਏ ਕੰਬਲ ਵੰਡਣ ਦਾ ਮਨ ਬਣਾਇਆ ਗਿਆ। ਉਨ੍ਹਾਂ ਦੱਸਿਆ ਕਿ ਅੱਜ ਉਨ੍ਹਾਂ ਦੀ ਟੀਮ ਵੱਲੋਂ ਗਰੀਬ ਪਰਿਵਾਰਾਂ ਨੂੰ ਕੰਬਲ ਵੰਡਣ ਦੇ ਨਾਲ—ਨਾਲ ਗਰਮ ਕੱਪੜੇ ਵੀ ਮੁਹਇਆ ਕਰਵਾਏ ਗਏ ਤਾਂ ਜ਼ੋ ਹੱਡ—ਚੀਰਦੀ ਠੰਡ ਤੋਂ ਰਾਹਤ ਮਿਲ ਸਕੇ ਪ੍ਰੋਜੈਕਟ ਚੇਅਰਮੈਨ ਦਿਨੇਸ਼ ਕਟਾਰੀਆ ਨੇ ਦੱਸਿਆ ਕਿ ਅੱਜ ਦਾ ਇਹ ਪ੍ਰੋਜੈਕਟ ਨਵੇਂ ਸਾਲ ਨੂੰ ਸਮਰਪਿਤ ਹੈ ਅਤੇ ਭਵਿੱਖ ਵਿਚ ਵੀ ਅਜਿਹੇ ਕਾਰਜ ਜਾਰੀ ਰਹਿਣਗੇ। ਇਸ ਮੌਕੇ ਡਾਕਟਰ ਸੁਰਿੰਦਰ ਸਿੰਘ ਕਪੂਰ, ਪਰਦੀਪ ਬਿੰਦਰਾ, ਰਕੇਸ਼ ਚਾਵਲਾ, ਮਨਦੀਪ ਸਿੰਘ, ਹਰਦੀਪ ਸਿੰਘ, ਅਜੈ ਬਜਾਜ, ਕੋਮਲ ਅਰੋੜਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਤਿੰਦਰ ਸਿੰਘ ਕੋਹਲੀ ਦੀ ਸ਼ੱਕੀ ਭੂਮਿਕਾ 'ਤੇ ਸੁਖਬੀਰ ਸਿੰਘ ਬਾਦਲ ਨੂੰ ਜਵਾਬਦੇਹੀ ਲਈ

# ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਜਾਵੇ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 1 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸਿੱਖ ਚਿੰਤਕ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ 328 ਪਾਵਨ ਸਰੂਪਾਂ ਦੀ ਗੁੰਮਸ਼ੁਦਗੀ ਦੇ ਮਾਮਲੇ ਵਿੱਚ ਸਤਿੰਦਰ ਸਿੰਘ ਕੋਹਲੀ ਦੀ ਸ਼ੱਕੀ ਕਿਰਦਾਰ ਅਤੇ ਉਸ ਵੱਲੋਂ ਆਦੇਸ਼ ਨੂੰ ਨਾ ਮੰਨ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਦਿੱਤੀ ਗਈ ਖੁੱਲ੍ਹੀ ਚੁਨੌਤੀ ਦੇ ਪਿੱਛੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਸੰਭਾਵਿਤ ਸ਼ਮੂਲੀਅਤ ਦੀ ਗੰਭੀਰ ਪੜਤਾਲ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸੁਖਬੀਰ ਸਿੰਘ ਬਾਦਲ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕਰਕੇ ਜਵਾਬ ਤਲਬੀ ਕੀਤੀ ਜਾਣੀ ਚਾਹੀਦੀ ਹੈ, ਤਾਂ ਜੋ ਸੱਚ ਸਿੱਖ ਸੰਗਤਾਂ ਸਾਹਮਣੇ ਆ ਸਕੇ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 328 ਪਾਵਨ ਸਰੂਪਾਂ ਦੇ ਮਾਮਲੇ ਵਿੱਚ ਸੁਖਬੀਰ ਸਿੰਘ ਬਾਦਲ ਦੀ ਭੂਮਿਕਾ ਦੀ ਨਿਰਪੱਖ ਅਤੇ ਪੂਰੀ ਪੜਤਾਲ ਕਰਨਾ ਹੁਣ ਪੰਥਕ ਜ਼ਰੂਰਤ ਬਣ ਚੁੱਕੀ ਹੈ ਅਤੇ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕਰਕੇ ਜਵਾਬਦੇਹ ਬਣਾਇਆ ਜਾਣਾ ਚਾਹੀਦਾ ਹੈ, ਤਾਂ ਜੋ ਸਿੱਖ ਕੌਮ ਦਾ ਭਰੋਸਾ ਪੰਥਕ ਸੰਸਥਾਵਾਂ 'ਤੇ ਮੁੜ ਕਾਇਮ ਹੋ ਸਕੇ। ਪ੍ਰੋ. ਖਿਆਲਾ ਨੇ ਕਿਹਾ ਕਿ 328 ਪਾਵਨ ਸਰੂਪਾਂ ਦੀ ਗੁੰਮਸ਼ੁਦਗੀ ਦਾ ਮਾਮਲਾ ਸਿਰਫ਼ ਪ੍ਰਸ਼ਾਸਕੀ ਲਾਪਰਵਾਹੀ ਦਾ ਨਹੀਂ, ਸਗੋਂ ਸਿੱਖ ਕੌਮ ਦੀ ਧਾਰਮਿਕ ਆਸਥਾ ਨਾਲ ਜੁੜਿਆ ਹੋਇਆ ਅਤਿ ਸੰਵੇਦਨਸ਼ੀਲ ਅਤੇ ਗੰਭੀਰ ਅਪਰਾਧ ਬੋਧ ਦਾ ਹੈ। ਇਸ ਮਾਮਲੇ ਵਿੱਚ ਨਿੱਤ ਨਵੇਂ ਤੱਥਾਂ ਦੇ ਸਾਹਮਣੇ ਆਉਣ ਨਾਲ ਸਿੱਖ ਸੰਗਤਾਂ ਦੇ ਮਨਾਂ ਵਿੱਚ ਡੂੰਘੇ ਅਤੇ ਚਿੰਤਾਜਨਕ ਸ਼ੰਕੇ ਪੈਦਾ ਹੋ ਰਹੇ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਨਿਯੁਕਤ ਭਾਈ ਈਸ਼ਰ ਸਿੰਘ ਪੜਤਾਲੀਆ ਕਮਿਸ਼ਨ ਦੀ ਰਿਪੋਰਟ ਸਪਸ਼ਟ ਤੌਰ 'ਤੇ ਦਰਸਾਉਂਦੀ ਹੈ ਕਿ ਸ਼੍ਰੋਮਣੀ ਕਮੇਟੀ ਦੇ ਅਕਾਊਂਟਸ ਸੰਬੰਧੀ ਜ਼ਿੰਮੇਵਾਰੀਆਂ ਨਿਭਾਉਣ ਵਾਲੀ ਫ਼ਰਮ ਸਤਿੰਦਰ ਸਿੰਘ ਕੋਹਲੀ ਐਂਡ ਐਸੋਸੀਏਟਸ ਵੱਲੋਂ ਗੰਭੀਰ ਅਣਗਹਿਲੀ ਵਰਤੀ ਗਈ। ਰਿਪੋਰਟ ਵਿੱਚ ਸਾਫ਼ ਦਰਜ ਹੈ ਕਿ ਜੇਕਰ ਸਮੇਂ ਸਿਰ ਇੰਟਰਨਲ ਕੰਟਰੋਲ ਸਿਸਟਮ ਲਾਗੂ ਕੀਤਾ ਜਾਂਦਾ ਅਤੇ ਅਕਾਊਂਟਸ ਨੂੰ ਕੰਪਿਊਟਰਾਈਜ਼ ਕੀਤਾ ਜਾਂਦਾ, ਤਾਂ ਲੇਜ਼ਰਾਂ ਵਿੱਚ ਊਣਤਾਈਆਂ ਨਾ ਰਹਿੰਦੀਆਂ ਅਤੇ ਨਾ ਹੀ 2013-14 ਤੋਂ ਲਗਾਤਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਗਿਣਤੀ ਵਿੱਚ ਵਾਧਾ-ਘਾਟਾ ਹੁੰਦਾ। ਇਸ ਅਣਗਹਿਲੀ ਨੇ ਸ਼੍ਰੋਮਣੀ ਕਮੇਟੀ ਦੀ ਸ਼ਾਖ ਅਤੇ ਭਰੋਸੇ ਨੂੰ ਗੰਭੀਰ ਧੱਬਾ ਲਗਾਇਆ।

ਇਸ ਅਣਗਹਿਲੀ ਨੂੰ ਆਧਾਰ ਬਣਾਉਂਦਿਆਂ, ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੁਕਮਾਂ ਦੇ ਅਨੁਸਾਰ, ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ 27 ਅਗਸਤ 2020 ਨੂੰ ਮਤਾ ਨੰਬਰ 466 ਰਾਹੀਂ ਸਤਿੰਦਰ ਸਿੰਘ ਕੋਹਲੀ ਐਂਡ ਫ਼ਰਮ ਦੀਆਂ ਸਾਰੀਆਂ ਸੇਵਾਵਾਂ ਤੁਰੰਤ ਖ਼ਤਮ ਕਰਦਿਆਂ, ਉਸ ਵੱਲੋਂ ਕੀਤੀ ਗਈ ਲਾਪਰਵਾਹੀ ਅਤੇ ਨੁਕਸਾਨ ਦੀ ਭਰਪਾਈ ਲਈ ਪਹਿਲਾਂ ਕੀਤੀ ਗਈ 9ਕਰੋੜ ਤੋਂ ਵੱਧ ਦੀ ਅਦਾਇਗੀ ਵਿੱਚੋਂ 75 ਫ਼ੀਸਦੀ ਭਾਵ 7. 20 ਕਰੋੜ ਦੀ ਰਕਮ ਵਾਪਸ ਲੈਣ ਲਈ ਕਾਨੂੰਨੀ ਕਾਰਵਾਈ ਨੂੰ ਪ੍ਰਵਾਨਗੀ ਦਿੱਤੀ।

ਪ੍ਰੋ. ਖਿਆਲਾ ਨੇ ਦੱਸਿਆ ਕਿ ਇਹ ਪਹਿਲੀ ਵਾਰ ਨਹੀਂ ਸੀ ਕਿ ਕੋਹਲੀ ਦੀ ਫ਼ਰਮ ਖ਼ਿਲਾਫ਼ ਕਾਰਵਾਈ ਹੋਈ ਹੋਵੇ। 11 ਜੁਲਾਈ 2014 ਨੂੰ ਵੀ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਮਤਾ ਨੰਬਰ 1542 ਰਾਹੀਂ ਗੰਭੀਰ ਦੋਸ਼ਾਂ ਦੇ ਆਧਾਰ 'ਤੇ ਉਸ ਦਾ ਕੰਟਰੈਕਟ ਖ਼ਤਮ ਕੀਤਾ ਸੀ। ਦੋਸ਼ਾਂ ਵਿੱਚ ਦਫ਼ਤਰ ਨੂੰ ਘੱਟ ਸਮਾਂ ਦੇਣਾ, ਸ਼੍ਰੋਮਣੀ ਕਮੇਟੀ ਪ੍ਰਧਾਨ ਅਤੇ ਅੰਤ੍ਰਿੰਗ ਕਮੇਟੀ ਦੇ ਫ਼ੈਸਲਿਆਂ ਦੀ ਅਣਦੇਖੀ, ਅਕਾਊਂਟਸ ਦੇ ਕੰਮ ਦੀ ਥਾਂ ਪ੍ਰਸ਼ਾਸਕੀ ਮਾਮਲਿਆਂ ਵਿੱਚ ਬੇਲੋੜੀ ਦਖ਼ਲਅੰਦਾਜ਼ੀ ਅਤੇ ਸੰਸਥਾ ਨੂੰ ਬਦਨਾਮੀ ਵੱਲ ਧੱਕਣਾ ਸ਼ਾਮਲ ਸੀ। ਹੈਰਾਨੀਜਨਕ ਤੱਥ ਇਹ ਹੈ ਕਿ ਇਨ੍ਹਾਂ ਗੰਭੀਰ ਦੋਸ਼ਾਂ ਦੇ ਬਾਵਜੂਦ ਕੁਝ ਹੀ ਸਮੇਂ ਬਾਅਦ ਉਸ ਨੂੰ ਦੁਬਾਰਾ ਬਹਾਲ ਕਰ ਦਿੱਤਾ ਗਿਆ ਅਤੇ ਲੰਮੇ ਸਮੇਂ ਤੱਕ ਬਿਨਾਂ ਢੰਗ ਨਾਲ ਕੰਮ ਕੀਤਿਆਂ ਗੁਰੂ ਕੀ ਗੋਲਕ ਤੋਂ ਅਦਾਇਗੀਆਂ ਲੈਂਦਾ ਰਿਹਾ। ਇਹ ਬਹਾਲੀ ਕਿਸ ਦੀ ਸਿਫ਼ਾਰਸ਼ 'ਤੇ ਹੋਈ—ਅੱਜ ਤੱਕ ਅਣਸੁਲਝਿਆ ਸਵਾਲ ਹੈ।

ਉਨ੍ਹਾਂ ਕਿਹਾ ਕਿ ਅਗਸਤ 2020 ਵਿੱਚ ਭਾਈ ਈਸ਼ਰ ਸਿੰਘ ਕਮਿਸ਼ਨ ਦੀ ਰਿਪੋਰਟ ਦੇ ਆਧਾਰ 'ਤੇ 328 ਪਾਵਨ ਸਰੂਪਾਂ ਦੇ ਮਾਮਲੇ ਵਿੱਚ 16 ਵਿਅਕਤੀਆਂ ਨੂੰ ਦੋਸ਼ੀ ਠਹਿਰਾਇਆ ਗਿਆ, ਜਿਨ੍ਹਾਂ ਵਿੱਚ ਸਤਿੰਦਰ ਸਿੰਘ ਕੋਹਲੀ ਵੀ ਸ਼ਾਮਲ ਸੀ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ, ਕੋਹਲੀ ਵੱਲੋਂ ਪ੍ਰਾਪਤ ਕੀਤੀ ਗਈ ਨੌਂ ਕਰੋੜ ਰੁਪਏ ਤੋਂ ਵੱਧ ਦੀ ਰਕਮ ਵਿੱਚੋਂ 75 ਫ਼ੀਸਦੀ, ਭਾਵ ਕਰੀਬ 7.20 ਕਰੋੜ ਰੁਪਏ ਵਾਪਸ ਲੈਣ ਦਾ ਫ਼ੈਸਲਾ ਕੀਤਾ ਗਿਆ। ਪਰ ਕੋਹਲੀ ਨੇ ਰਕਮ ਵਾਪਸ ਕਰਨ ਦੀ ਥਾਂ ਸਿੱਖ ਗੁਰਦੁਆਰਾ ਜੁਡੀਸ਼ੀਅਲ ਕਮਿਸ਼ਨ ਦਾ ਸਹਾਰਾ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਨੂੰ ਸਿੱਧੀ ਚੁਨੌਤੀ ਦਿੱਤੀ। ਇਹ ਮਾਮਲਾ ਅਜੇ ਵੀ ਅਦਾਲਤ ਵਿੱਚ ਵਿਚਾਰਧੀਨ ਹੈ।

ਪ੍ਰੋ. ਖਿਆਲਾ ਨੇ ਸਵਾਲ ਉਠਾਇਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਦੇ ਸਪਸ਼ਟ ਹੁਕਮਾਂ ਦੀ ਉਲੰਘਣਾ ਕਰਨ ਦੇ ਬਾਵਜੂਦ, ਇਨਾਂ ਸੰਸਥਾਵਾਂ ਵੱਲੋਂ ਨਾ ਤਾਂ ਕੋਹਲੀ ਖ਼ਿਲਾਫ਼ ਨਾ ਹੀ ਕੋਈ ਗੰਭੀਰ ਨੋਟਿਸ ਲਿਆ ਗਿਆ ਅਤੇ ਨਾ ਕੋਈ ਸਖ਼ਤ ਪੰਥਕ ਕਾਰਵਾਈ ਕੀਤੀ ਗਈ । ਕੀ ਇਹ ਸਿਆਸੀ ਸੁਖਬੀਰ ਬਾਦਲ ਨਾਲ ਨੇੜਤਾ ਅਤੇ ਸਿਆਸੀ ਸਰਪਰਸਤੀ ਦਾ ਨਤੀਜਾ ਨਹੀਂ ?

ਉਨ੍ਹਾਂ ਕਿਹਾ ਕਿ ਇਹ ਕੋਈ ਗੁਪਤ ਗੱਲ ਨਹੀਂ ਕਿ ਸਤਿੰਦਰ ਸਿੰਘ ਕੋਹਲੀ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਨਜ਼ਦੀਕੀ ਮੰਨਿਆ ਜਾਂਦਾ ਹੈ ਅਤੇ ਉਹ ਉਸ ਦੇ ਕਾਰੋਬਾਰ ਦਾ ਹਿਸਾਬ-ਕਿਤਾਬ ਵੀ ਬਤੌਰ ਸੀਏ ਸੰਭਾਲਦਾ ਆਰਿਹਾ ਹੈ। ਇਸ ਤੋਂ ਇਲਾਵਾ, ਨਾਰਥ ਅਮਰੀਕਾ ਵਿੱਚ ਪੀਟੀਸੀ ਰਾਹੀਂ ਗੁਰਬਾਣੀ ਪ੍ਰਸਾਰਨ ਦੇ ਅਖਤਿਆਰ ਹਾਸਲ ਗੁਰਬਾਜ਼ ਮੀਡੀਆ ਕੰਪਨੀ ਦਾ ਮਾਲਕ ਵੀ ਸਤਿੰਦਰ ਸਿੰਘ ਕੋਹਲੀ ਹੀ ਹੈ, ਜਦਕਿ ਪੀਟੀਸੀ ਸੁਖਬੀਰ ਸਿੰਘ ਬਾਦਲ ਦੀ ਮਲਕੀਅਤ ਵਾਲੀ ਕੰਪਨੀ ਹੈ। ਅਜਿਹੀ ਸਥਿਤੀ ਵਿੱਚ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਨੂੰ ਚੁਨੌਤੀ ਦੇਣ ਵਾਲੇ ਵਿਅਕਤੀ ਦੀ ਮੀਡੀਆ ਕੰਪਨੀ ਨੂੰ ਸ੍ਰੀ ਦਰਬਾਰ ਸਾਹਿਬ ਤੋਂ ਗੁਰਬਾਣੀ ਪ੍ਰਸਾਰਨ ਦੇ ਅਖਤਿਆਰ ਦੇਣਾ, ਅਤੇ ਅਦਾਇਗੀ ਵਾਪਸ ਕਰਨ ਬਾਰੇ ਅਕਾਲ ਤਖ਼ਤ ਦੇ ਆਦੇਸ਼ ਨੂੰ ਨਾ ਮੰਨ ਕੇ ਅਦਾਲਤ ਦਾ ਦਰਵਾਜ਼ਾ ਖੜਕਾਉਣਾ ਸਿੱਧੇ ਤੌਰ 'ਤੇ ਅਕਾਲ ਤਖ਼ਤ ਸਾਹਿਬ ਦੀ ਅਥਾਰਿਟੀ ਨੂੰ ਚੁਨੌਤੀ ਦੇਣ ਦੇ ਬਰਾਬਰ ਹੈ। ਅਜਿਹੇ ਵਿਅਕਤੀ ਨਾਲ ਸਾਂਝ ਬਹਾਲ ਰੱਖਣਾ ਵੀ ਅਕਾਲ ਤਖ਼ਤ ਨੂੰ ਚੁਨੌਤੀ ਹੈ।

ਪ੍ਰੋ. ਖਿਆਲਾ ਨੇ ਅੰਤ ਵਿੱਚ ਕਿਹਾ ਕਿ ਭਾਈ ਈਸ਼ਰ ਸਿੰਘ ਕਮਿਸ਼ਨ ਨੇ ਪ੍ਰਿੰਟਿੰਗ ਪ੍ਰੈੱਸਾਂ ਦੇ ਅਕਾਊਂਟਸ ਵਿੱਚ ਅਣਗਹਿਲੀ ਨੂੰ ਤਾਂ ਬੇਨਕਾਬ ਕੀਤਾ ਹੈ, ਪਰ ਸਤਿੰਦਰ ਸਿੰਘ ਕੋਹਲੀ ਐਂਡ ਫ਼ਰਮ ਨੂੰ ਗੁਰਦੁਆਰਾ ਸੈਕਸ਼ਨ 85 ਦੇ ਅਕਾਊਂਟਸ ਨੂੰ ਆਨਲਾਈਨ ਕਰਨਾ, ਇੰਟਰਨਲ ਅਤੇ ਪ੍ਰੀ-ਆਡਿਟ, ਐਜੂਕੇਸ਼ਨ ਫ਼ੰਡ ਅਤੇ ਮਾਨ ਧਨ ਸਨਮਾਨ ਰਾਸ਼ੀ ਦੀ ਨਿਗਰਾਨੀ ਆਦਿ 'ਚ ਹੋਈ ਅਣਗਹਿਲੀ ਦੀ ਕਦੇ ਗੰਭੀਰ ਪੜਤਾਲ ਕਿਉਂ ਨਹੀਂ ਕੀਤੀ ਗਈ। ਕੀ ਇਹ ਸਭ ਕੁਝ ਸਿਰਫ਼ ਇਸ ਲਈ ਨਹੀਂ ਕਿ ਕੋਹਲੀ ਨੂੰ ਸੁਖਬੀਰ ਸਿੰਘ ਬਾਦਲ ਦੀ ਸਿਆਸੀ ਸਰਪਰਸਤੀ ਹਾਸਲ ਹੈ ?

## ਭਗਵਾਨ ਵਾਲਮੀਕਿ ਜੀ ਦੀ ਮੂਰਤੀ ਦਾ

# ਤੀਸਰਾ ਸਾਲ ਸਥਾਪਨਾ ਦਿਵਸ ਮਨਾਇਆ ਗਿਆ-ਠੇਕੇਦਾਰ ਸਵਿੰਦਰ ਸਿੰਘ



ਜੰਡਿਆਲਾ ਗੁਰੂ 1 ਜਨਵਰੀ (ਕੁਲਵੰਤ ਸਿੰਘ ਵਿਰਦੀ ) ਜੰਡਿਆਲਾ ਗੁਰੂ ਤੋਂ ਥੋੜੀ ਦੂਰੀ ਤੇ ਪੈਂਦੇ ਪਿੰਡ ਤਾਰਾਗੜ੍ਹ ਵਿਖੇ ਅੱਜ ਭਗਵਾਨ ਵਾਲਮੀਕਿ ਕ੍ਰਾਂਤੀ ਸੈਨਾ ਦੇ ਜੁਝਾਰੂ ਸੇਵਾਦਾਰਾਂ ਵੱਲੋਂ ਭਗਵਾਨ ਵਾਲਮੀਕਿ ਜੀ ਦੀ ਮੂਰਤੀ ਦੀ ਸਥਾਪਨਾ ਦੇ ਤੀਸਰੇ ਸਾਲ ਮੌਕੇ ਹਰਜੱਸ ਸਰਵਨ ਕਰਕੇ ਲੰਗਰ ਲਗਾਏ ਗਏ ਇਸ ਮੌਕੇ ਵਿਸੇਸ ਤੌਰ ਤੇ ਸਤਨਾਮ ਸਿੰਘ ਜਿਲ੍ਹਾ ਪ੍ਰਧਾਨ ਭਗਵਾਨ ਵਾਲਮੀਕੀ ਕ੍ਰਾਂਤੀ ਸੈਨਾ ਵੱਲੋਂ ਹਾਜ਼ਰੀ ਭਰੀ ਗਈ ਅਤੇ ਉਨਾਂ ਦੇ ਪਹੁੰਚਣ ਤੇ ਕ੍ਰਾਂਤੀ ਸੈਨਾ ਦੇ ਪ੍ਰਧਾਨ ਸਵਿੰਦਰ ਸਿੰਘ ਠੇਕੇਦਾਰ ਵੱਲੋਂ ਅਤੇ ਅਹੁਦੇਦਾਰ ਮੈਂਬਰਾਂ ਮੋਹਤਬਰਾਂ ਵੱਲੋਂ ਵਿਸੇਸ ਤੌਰ ਤੇ ਸਤਨਾਮ ਸਿੰਘ ਦਾ ਸਤਿਕਾਰ ਕੀਤਾ ਗਿਆ ! ਇਸ ਮੌਕੇ ਗੱਲਬਾਤ ਕਰਦਿਆਂ ਹੋਇਆਂ ਜਥੇਬੰਦੀ ਦੇ ਪ੍ਰਧਾਨ ਸਵਿੰਦਰ ਸਿੰਘ ਠੇਕੇਦਾਰ ਨੇ ਕਿਹਾ ਕਿ ਅੱਜ ਜਥੇਬੰਦੀ ਵੱਲੋਂ ਪਿੰਡ ਤਾਰਾਗੜ੍ਹ ਵਿੱਚ ਬਣੇ ਭਗਵਾਨ ਵਾਲਮੀਕਿ ਜੀ ਮੰਦਰ ਵਿਖੇ ਭਗਵਾਨ ਵਾਲਮੀਕਿ ਜੀ ਦੀ ਮੂਰਤੀ ਦੇ ਤੀਸਰੇ ਸਾਲ ਦਾ ਸਥਾਪਨਾ ਦਿਵਸ ਬੜੀ ਸਰਧਾ ਭਾਵਨਾ ਨਾਲ ਮਨਾਇਆ ਗਿਆ ਹੈ ਅਤੇ ਅਸੀਂ ਸੰਗਤਾਂ ਨੂੰ ਬੇਨਤੀ ਕਰਦੇ ਹਾਂ ਕਿ ਭਗਵਾਨ ਵਾਲਮੀਕਿ ਜੀ ਦੇ ਉਪਦੇਸ ਨੂੰ ਸਮਰਪਿਤ ਹੋ ਕਿ ਆਪਣੇ ਹੱਕਾਂ ਦੀ ਪਛਾਣ ਕਰਕੇ ਮੋਤੀਆਂ ਦੀ ਮਾਲਾ ਵਾਂਗ ਇਕ ਜਗ੍ਹਾ ਤੇ ਇਕੱਠੇ ਹੋ ਕਿ ਆਪਣੀ ਆਵਾਜ ਨੂੰ ਸਰਕਾਰ ਤੱਕ ਪਹੁੰਚਾਈਏ ! ਇਸ ਮੌਕੇ ਸਵਿੰਦਰ ਸਿੰਘ ਤੋਂ ਇਲਾਵਾ ਜਸਵਿੰਦਰ ਸਿੰਘ, ਹਰਜੀਤ ਸਿੰਘ, ਨਿਰਮਲ ਸਿੰਘ, ਹਰਮਨਦੀਪ ਸਿੰਘ, ਦੀਦਾਰ ਸਿੰਘ, ਡਾਕਟਰ ਦੀਦਾਰ ਸਿੰਘ, ਬਲਬੀਰ ਸਿੰਘ, ਸਾਬਕਾ ਸਰਪੰਚ ਜਸਵਿੰਦਰ ਸਿੰਘ ਝੰਡ, ਡਾਕਟਰ ਕਮਲਜੀਤ ਸਿੰਘ, ਬਾਬਾ ਅਵਤਾਰ ਸਿੰਘ ਆਦਿ ਹਾਜ਼ਰ ਸਨ !

## ਭਾਰਤੀ ਸ਼ਾਸਨ ਦੁਆਰਾ ਪੰਜਾਬ ਵਿਰੁੱਧ ਗਲਤ ਨੀਤੀਆਂ ਦੇ ਨਤੀਜੇ ਵਜੋਂ ਨਸਲਕੁਸ਼ੀ, ਆਰਥਿਕ ਹੱਤਿਆ, ਨਸਲੀ ਸਫਾਈ ਮੁਦਿਆਂ ਉਪਰ ਸਿੱਖ ਨੌਜਵਾਨਾਂ ਨੂੰ ਕੀਤਾ ਜਾਏਗਾ ਸਰਗਰਮ: ਐਸਐਫਜੇ

# ਮੋਦੀ ਸ਼ਾਸਨ ਵਿਰੁੱਧ ''ਜਨ ਗਣ ਮਨ'' ਨੂੰ ''ਦੇਹ ਸਿਵਾ ਬਰੁ'' ਨਾਲ ਬਦਲਣ ਦੀ ਮੰਗ



**ਨਵੀਂ ਦਿੱਲੀ 1 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:-ਭਾਰਤ ਦੇ ਮੋਦੀ ਸ਼ਾਸਨ ਦੇ ਅਧਿਕਾਰ ਨੂੰ ਸਿੱਧੀ ਚੁਣੌਤੀ ਦਿੰਦੇ ਹੋਏ, ਵੱਖਵਾਦੀ ਸਮੂਹ ਸਿੱਖਸ ਫਾਰ ਜਸਟਿਸ ਪੰਜਾਬ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਇੱਕ ਨਿਰੰਤਰ ਜ਼ਮੀਨੀ ਅਤੇ ਡਿਜੀਟਲ ਰਾਜਨੀਤਿਕ ਲਾਮਬੰਦੀ ਮੁਹਿੰਮ ਸ਼ੁਰੂ ਕਰੇਗਾ ਤਾਂ ਜੋ ਪੰਜਾਬ ਦੇ ਨੌਜੁਆਨਾਂ ਨੂੰ ਭਾਰਤੀ ਸ਼ਾਸਨ ਵਿਰੁੱਧ ਸਰਗਰਮ ਕੀਤਾ ਜਾ ਸਕੇ । ਐਸਐਫਜੇ ਦੀ ਮੁਹਿੰਮ ਸਿੱਧੇ ਤੌਰ 'ਤੇ ਇਹ ਦਾਅਵਾ ਕਰਦੇ ਹੋਏ ਕਿ ਪੰਜਾਬ ਦਾ ਇੱਕੋ ਇੱਕ ਰਾਜਨੀਤਿਕ ਹੱਲ ਖਾਲਿਸਤਾਨ ਰੈਫਰੈਂਡਮ ਰਾਹੀਂ ਭਾਰਤੀ ਸ਼ਾਸਨ ਤੋਂ ਆਜ਼ਾਦੀ ਵਿੱਚ ਹੈ ਵਿਦਿਆਰਥੀਆਂ ਨੂੰ ਨਿਸ਼ਾਨਾ ਬਣਾਏਗੀ ।ਐਸਐਫਜੇ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪਨੂੰ ਨੇ ਕਿਹਾ ਕਿ ਜਿਵੇਂ ਕਿ ਖਾਲਿਸਤਾਨ ਦੀ ਸਥਾਪਤੀ ਲਈ ਅੰਤਰਰਾਸ਼ਟਰੀ ਪੱਧਰ 'ਤੇ ਰੈਫਰੈਂਡਮ ਵੋਟਿੰਗ ਜਾਰੀ ਹੈ, ਖਾਲਿਸਤਾਨ ਪੱਖੀ ਸਮੂਹ ਨੇ ਐਲਾਨ ਕੀਤਾ ਕਿ 2026 ਤੋਂ ਸ਼ੁਰੂ ਕਰਦੇ ਹੋਏ ਇਹ ਮੁਹਿੰਮ ਪੰਜਾਬ ਵਿੱਚ "ਗਰਾਉਂਡ ਜ਼ੀਰੋ" ਦੇ ਰੂਪ ਵਿੱਚ ਫੈਲ ਜਾਵੇਗੀ, ਜੋ ਕਿ ਨੌਜਵਾਨਾਂ ਦੀ ਸ਼ਮੂਲੀਅਤ, ਕੈਂਪਸ ਆਊਟਰੀਚ, ਅਤੇ ਢਾਂਚਾਗਤ ਰਾਜਨੀਤਿਕ ਬਹਿਸ 'ਤੇ ਕੇਂਦ੍ਰਿਤ ਹੋਵੇਗੀ। ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਪੰਜਾਬ ਦੇ ਨੌਜੁਆਨਾਂ ਨੂੰ ਮੋਦੀ ਸ਼ਾਸਨ ਵਿਰੁੱਧ ਬਗਾਵਤ ਕਰਨ ਅਤੇ ਖਾਲਿਸਤਾਨ ਰੈਫਰੈਂਡਮ ਰਾਹੀਂ ਪੰਜਾਬ ਨੂੰ ਭਾਰਤੀ ਕਬਜ਼ੇ ਤੋਂ ਆਜ਼ਾਦ ਕਰਵਾਉਣ ਲਈ ਲਾਮਬੰਦ ਕੀਤਾ ਜਾਵੇਗਾ। ਪਨੂੰ ਨੇ ਅੱਗੇ ਕਿਹਾ ਕਿ ਭਾਰਤੀ ਸ਼ਾਸਨ ਦੁਆਰਾ ਅਪਣਾਈਆਂ ਗਈਆਂ ਦਹਾਕਿਆਂ ਦੀਆਂ ਨੀਤੀਆਂ ਦੇ ਨਤੀਜੇ ਵਜੋਂ ਨਸਲਕੁਸ਼ੀ, ਆਰਥਿਕ ਹੱਤਿਆ, ਨਸਲੀ ਸਫਾਈ ਅਤੇ ਸਿੱਖ ਨੌਜਵਾਨਾਂ ਨੂੰ ਉਨ੍ਹਾਂ ਦੇ ਵਤਨ ਤੋਂ ਉਜਾੜਿਆ ਗਿਆ ਹੈ, ਜਿਸ ਨਾਲ ਨੌਜੁਆਨਾਂ ਕੋਲ ਭਾਰਤ ਦੇ ਕਬਜ਼ੇ ਹੇਠ ਪੰਜਾਬ ਦੀ ਰਾਜਨੀਤਿਕ ਸਥਿਤੀ ਦਾ ਸਾਹਮਣਾ ਕਰਨ ਤੋਂ ਇਲਾਵਾ ਕੋਈ ਵਿਕਲਪ ਨਹੀਂ ਬਚਿਆ ਹੈ। ਪਨੂੰ ਨੇ ਪੰਜਾਬ ਦੇ ਨੌਜਵਾਨਾਂ ਨੂੰ ਬੰਗਲਾਦੇਸ਼ ਅਤੇ ਨੇਪਾਲ ਵਿੱਚ ਨੌਜੁਆਨਾਂ ਦੀ ਅਗਵਾਈ ਵਾਲੇ ਰਾਜਨੀਤਿਕ ਅੰਦੋਲਨਾਂ ਦੇ ਰਸਤੇ 'ਤੇ ਚੱਲਣ ਦੀ ਅਪੀਲ ਕੀਤੀ, ਜਿੱਥੇ ਵਿਦਿਆਰਥੀ-ਸੰਚਾਲਿਤ ਲਾਮਬੰਦੀ ਨੇ ਇਤਿਹਾਸਕ ਤੌਰ 'ਤੇ ਤਾਨਾਸ਼ਾਹੀ ਸ਼ਾਸਨ ਨੂੰ ਖਤਮ ਕਰ ਦਿੱਤਾ ਹੈ। ਐਸਐਫਜੇ ਵਿਦਿਆਰਥੀਆਂ 'ਤੇ ਦਬਾਅ ਪਾਏਗਾ। ਇੱਕ ਮੂਲ ਅਸੰਗਤਤਾ ਦਾ ਸਾਹਮਣਾ ਕਰਨ ਲਈ, ਜੇਕਰ ਭਾਰਤ ਇੱਕ-ਪਾਸੜ ਜਨਮਤ ਸੰਗ੍ਰਹਿ ਰਾਹੀਂ ਸਿੱਕਮ ਨੂੰ ਆਪਣੇ ਨਾਲ ਜੋੜ ਸਕਦਾ ਹੈ, ਤਾਂ ਪੰਜਾਬ ਵੀ ਖਾਲਿਸਤਾਨ ਜਨਮਤ ਸੰਗ੍ਰਹਿ ਰਾਹੀਂ ਵੱਖ ਹੋਣ ਦੇ ਅਧਿਕਾਰ ਦੀ ਵਰਤੋਂ ਕਰ ਸਕਦਾ ਹੈ। ਉਨ੍ਹਾਂ ਕਿਹਾ ਪੰਜਾਬ ਦੇ ਸਕੂਲਾਂ ਤੋਂ ਭਾਰਤ ਦੇ ਰਾਸ਼ਟਰੀ ਗੀਤ "ਜਨ ਗਣ ਮਨ" ਨੂੰ ਹਟਾਉਣ ਅਤੇ ਇਸਦੀ ਥਾਂ "ਦੇਹ ਸਿਵਾ ਬਰੁ ਮੋਹਿ ਇਹੈ ਸੁਭ ਕਰਮਨ ਤੇ ਕਬਹੂੰ ਨ ਟਰੋਂ ॥" ਲਗਾਉਣ ਦੀ ਮੰਗ ਵੀ ਕਰੇਗੀ।

# ਗੁਰਦੁਆਰਾ ਸ਼ਹੀਦ ਗੰਜ ਸਾਹਿਬ ਤੋਂ ਸ੍ਰ ਹਰਭਜਨ ਸਿੰਘ ਤੇ ਸ੍ਰ ਬਾਠ ਹੋਏ ਸੇਵਾ ਮੁਕਤ ਮੈਨੇਜਰ ਤੇ ਮੁਲਾਜ਼ਮਾਂ ਨੇ ਵਿਦਾਇਗੀ ਮੌਕੇ ਕੀਤਾ ਸਨਮਾਨਿਤ



ਜੰਡਿਆਲਾ ਗੁਰੂ 1 ਜਨਵਰੀ ( ਕੁਲਵੰਤ ਵਿਰਦੀ) ਅੱਜ ਗੁਰਦੁਆਰਾ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ, ਸ਼ਹੀਦ ਗੰਜ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸੇਵਾਦਾਰ ਸ੍ਰ ਹਰਭਜਨ ਸਿੰਘ ਅਤੇ ਕਲਰਕ ਸ੍ਰ ਹਰਜੀਤ ਸਿੰਘ ਬਾਠ ਵੱਲੋਂ ਲੰਮਾ ਸਮਾਂ ਸੇਵਾ ਨਿਭਾਉਣ ਤੋਂ ਬਾਅਦ ਸੇਵਾ ਮੁਕਤ ਹੋਏ ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆ ਹੋਇਆ ਸ੍ਰ ਪਰਮਜੀਤ ਸਿੰਘ ਵੇਂਈ ਪੂੰਈ ਨੇ ਦੱਸਿਆ ਕਿ ਸ੍ਰ ਹਰਭਜਨ ਸਿੰਘ ਸੇਵਾਦਾਰ 20. 2. 1987 ਵਿੱਚ ਭਰਤੀ ਹੋਏ ਅਤੇ 38 ਸਾਲ ਦੀ ਸਰਵਿਸ ਕੀਤੀ ਅਤੇ ਵੱਖ ਵੱਖ ਗੁਰਦੁਆਰਾ ਸਹਿਬ ਅਤੇ ਦਫਤਰਾਂ ਵਿੱਚ ਸੇਵਾ ਨਿਭਾਈ ਗਈ ਜਿਸ ਵਿੱਚ ਅੱਜ ਗੁਰਦੁਆਰਾ ਸ਼ਹੀਦ ਗੰਜ ਸਹਿਬ ਦੇ ਮੈਨੇਜਰ ਸ੍ਰ ਜੇਪੀ ਸਿੰਘ ਨੇ ਇਹਨਾਂ ਦੋਵਾਂ ਮੁਲਾਜ਼ਮਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹਨਾਂ ਵੱਲੋਂ ਨਿਭਾਈ ਗਈ ਡਿਊਟੀ ਦੌਰਾਨ ਕੋਈ ਵੀ ਸਕਾਇਤ ਅੱਜ਼ ਤੱਕ ਨਹੀਂ ਮਿਲੀ ਤੇ ਨਾ ਹੀ ਇਹਨਾਂ ਵੱਲੋਂ ਸਕਾਇਤ ਦਾ ਮੌਕ.ਾ ਦਿੱਤਾ ਗਿਆ ਸ੍ਰ ਹਰਜੀਤ ਸਿੰਘ ਬਾਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ 2000 ਸੰਨ ਵਿੱਚ ਭਰਤੀ ਹੋਏ ਅਤੇ 26 ਸਾਲ ਸਰਵਿਸ ਕੀਤੀ ਸ੍ਰ ਹਰਜੀਤ ਸਿੰਘ ਬਾਠ ਨੇ18 ਸਾਲ ਤਰਨ ਤਾਰਨ ਸ੍ਰੀ ਦਰਬਾਰ ਸਾਹਿਬ ਵਿਖੇ ਸਰਵਿਸ ਕੀਤੀ ਬਾਕੀ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਡਿਊਟੀ ਨਿਭਾਈ ਅੱਜ ਇਨਾਂ ਨੂੰ ਸੇਵਾ ਮੁਕਤ ਕਰਨ ਮੌਕੇ ਵਿਸੇਸ ਤੌਰ ਤੇ ਸਨਮਾਨਿਤ ਮੈਨੇਜਰ ਸ੍ਰ ਜੇਪੀ ਸਿੰਘ, ਮੀਤ ਮੈਨੇਜਰ ਸ੍ਰ ਕੁਲਵੰਤ ਸਿੰਘ, ਇੰਚਾਰਜ ਸ੍ਰ ਬਲਦੇਵ ਸਿੰਘ ਧੁੰਨ, ਸ੍ਰ ਤਰਵਿੰਦਰ ਸਿੰਘ ਮੌਨੂ, ਇੰਚਾਰਜ ਸ੍ਰ। ਹਰਦੀਪ ਸਿੰਘ, ਇੰਚਾਰਜ ਸ੍ਰ ਜਗਜੀਤ ਸਿੰਘ ਜੱਗੀ, ਇੰਚਾਰਜ ਸ੍ਰ ਮਲਵਿੰਦਰ ਸਿੰਘ, ਇੰਚਾਰਜ ਸ੍ਰ ਜਸਵਿੰਦਰ ਸਿੰਘ ਧੁੰਨ ਅਤੇ ਰਾਗੀਆਂ ਦੇ ਇੰਚਾਰਜ ਅਤੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਸਮੂਹ ਇੰਚਾਰਜ ਅਤੇ ਮੁਲਾਜ਼ਮ ਵੱਲੋਂ ਕੀਤਾ ਗਿਆ !

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨਵੇਂ ਈਸਵੀ ਵਰ੍ਹੇ ਦੀ ਆਮਦ 'ਤੇ ਲੱਖਾਂ ਸ਼ਰਧਾਲੂ ਦਿੱਲੀ ਦੇ

# ਵੱਖ-ਵੱਖ ਇਤਿਹਾਸਿਕ ਗੁਰੂ ਘਰਾਂ ਵਿਚ ਹੋਏ ਨਤਮਸਤਕ



**ਨਵੀਂ ਦਿੱਲੀ, 1 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**-ਦੇਸ਼ ਤੇ ਦੁਨੀਆਂ ਵਿਚ ਨਵੇਂ ਈਸਵੀ ਵਰ੍ਹੇ ਦੀ ਆਮਦ ਬਹੁਤ ਵੱਡਾ ਮੌਕਾ ਬਣ ਗਈ ਜਦੋਂ ਦਿੱਲੀ ਵਾਸੀ ਲੱਖਾਂ ਸ਼ਰਧਾਲੂ ਗੁਰੂ ਘਰਾਂ ਵਿਚ ਨਤਮਸਤਕ ਹੋਏ। ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ ਨਵੇਂ ਈਸਵੀ ਵਰ੍ਹੇ ਦੀ ਆਮਦ ਦੇ ਮੱਦੇਨਜ਼ਰ ਕਮੇਟੀ ਅਧੀਨ ਤਕਰੀਬਨ ਹਰ ਗੁਰੂ ਘਰ ਵਿਸ਼ੇਸ਼ ਕੀਰਤਨ ਸਮਾਗਮ ਸਜਾਉਣ ਦੀ ਯੋਜਨਾ ਉਲੀਕੀ ਸੀ ਜਿਸ ਤਹਿਤ ਗੁਰਦੁਆਰਾ ਰਕਾਬਗੰਜ ਸਾਹਿਬ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ, ਗੁਰਦੁਆਰਾ ਬੰਗਲਾ ਸਾਹਿਬ, ਗੁਰਦੁਆਰਾ ਸੀਸਗੰਜ ਸਾਹਿਬ, ਗੁਰਦੁਆਰਾ ਨਾਨਕ ਪਿਆਊ, ਗੁਰਦੁਆਰਾ ਬਾਲਾ ਸਾਹਿਬ, ਗੁਰਦੁਆਰਾ ਮਜਨੂੰ ਕਾ ਟਿੱਲਾ ਅਤੇ ਗੁਰਦੁਆਰਾ ਸ਼ਹੀਦੀ ਅਸਥਾਨ ਬਾਬਾ ਬੰਦਾ ਸਿੰਘ ਜੀ ਬਹਾਦਰ ਵਿਖੇ ਕੀਰਤਨ ਸ਼ਾਮ 5.45 ਵਜੇ ਸ਼ੁਰੂ ਹੋਏ ਤੇ ਸਵੇਰੇ 12.15 ਵਜੇ ਤੱਕ ਜਾਰੀ ਰਹੇ ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ ਸਿੰਘਾਂ ਦੇ ਜੱਥਿਆਂ ਨੇ ਗੁਰੂ ਕੀ ਇਲਾਹੀ ਬਾਣੀ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਤੇ ਨਵੇਂ ਵਰ੍ਹੇ ਦੀ ਆਮਦ 'ਤੇ 12.15 ਵਜੇ ਸਵੇਰੇ ਭੋਗ ਪਾਏ ਗਏ ਤੇ ਅਰਦਾਸ ਉਪਰੰਤ ਸਮਾਪਤੀ ਹੋਈ। ਉਹਨਾਂ ਦੱਸਿਆ ਕਿ ਰਾਤ ਦੇ ਸਮਾਗਮਾਂ ਤੋਂ ਇਲਾਵਾ ਅੱਜ ਨਵੇਂ ਵਰ੍ਹੇ ਦੇ ਪਹਿਲੇ ਦਿਨ, ਦਿਨ ਵੇਲੇ ਵੀ ਲੱਖਾਂ ਲੋਕ ਗੁਰੂ ਘਰਾਂ ਵਿਚ ਨਤਮਸਤਕ ਹੋਏ। ਉਹਨਾਂ ਕਿਹਾ ਕਿ ਇਹਨਾਂ ਸਾਰੇ ਗੁਰੂ ਘਰਾਂ ਵਿਚ ਲੱਖਾਂ ਦੀ ਗਿਣਤੀ ਵਿਚ ਸੰਗਤ ਨੇ ਹਾਜ਼ਰੀ ਭਰੀ ਜਿਸ ਤੋਂ ਇਹ ਸਪਸ਼ਟ ਹੋ ਗਿਆ ਕਿ ਲੋਕਾਂ ਨੇ ਨਾਈਟ ਕਲੱਬਾਂ ਵਿਚ ਪਾਰਟੀਆਂ ਕਰਨ ਦੀ ਥਾਂ 'ਤੇ ਗੁਰੂ ਘਰਾਂ ਵਿਚ ਗੁਰੂ ਸਾਹਿਬ ਅੱਗੇ ਨਤਮਸਤਕ ਹੋ ਕੇ ਨਵੇਂ ਈਸਵੀ ਵਰ੍ਹੇ ਨੂੰ ਜੀ ਆਇਆਂ ਕਹਿਣ ਨੂੰ ਤਰਜੀਹ ਦਿੱਤੀ। ਉਹਨਾਂ ਕਿਹਾ ਕਿ ਜਿਵੇਂ ਜਿਵੇਂ ਦੁਨੀਆਂ ਤਰੱਕੀ ਕਰ ਰਹੀ ਹੈ ਤੇ ਲੋਕਾਂ ਵਿਚ ਖੁਸ਼ਹਾਲੀ ਆ ਰਹੀ ਹੈ ਤਾਂ ਲੋਕ ਇਹ ਗੱਲ ਸਮਝ ਰਹੇ ਹਨ ਕਿ ਉਸ ਅਕਾਲ ਪੁਰਖ ਦੀ ਉਸਤਤ ਤੇ ਗੁਰੂ ਦੇ ਲੜ ਲੱਗਣ ਨਾਲ ਹੀ ਸਭ 'ਤੇ ਕ੍ਰਿਪਾ ਹੋ ਰਹੀ ਹੈ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਲੋਕਾਂ ਨੂੰ ਗੁਰਸਿੱਖੀ ਜੀਵਨ ਜਾਚ ਤੇ ਗੁਰਮੁਖੀ ਨਾਲ ਜੋੜਨ ਲਈ ਕੀਤੇ ਜਾ ਰਹੇ ਯਤਨਾਂ ਦਾ ਵੀ ਸਾਰਥਕ ਨਤੀਜਾ ਸਾਹਮਣੇ ਆ ਰਿਹਾ ਹੈ ਜਿਸ ਲਈ ਉਹ ਗੁਰੂ ਸਾਹਿਬ ਅੱਗੇ ਸੀਸ ਝੁਕਾ ਕੇ ਧੰਨਵਾਦ ਕਰਦੇ ਹਨ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਉਹ ਸੰਗਤ ਨੂੰ ਨਵੇਂ ਈਸਵੀ ਵਰ੍ਹੇ ਦੀ ਵਧਾਈ ਦਿੰਦਿਆਂ ਗੁਰੂ ਸਾਹਿਬ ਅੱਗੇ ਅਰਦਾਸ ਕਰਦੇ ਹਨ ਕਿ ਉਹ ਸਰਬੱਤ ਦਾ ਭਲਾ ਕਰਨ ਅਤੇ ਸਭਨਾਂ ਨੂੰ ਨਰੋਈ ਸਿਹਤ, ਖੁਸ਼ਹਾਲੀ, ਤਰੱਕੀ ਤੇ ਗੁਰੂ ਦੇ ਲੜ ਲੱਗ ਕੇ ਗੁਰੂ ਵਾਲਾ ਬਣਨ ਦੀ ਪ੍ਰੇਰਨਾ ਦੇਣ।

ਨਵੇਂ ਈਸਵੀ ਸਾਲ ਦੇ ਪਹਿਲੇ ਦਿਨ

# ਇੱਕ ਲੱਖ ਤੋਂ ਵੱਧ ਸ਼ਰਧਾਲੂ ਤਖ਼ਤ ਪਟਨਾ ਸਾਹਿਬ ਵਿੱਚ ਨਤਮਸਤਕ ਹੋਏ





ਨਵੀਂ ਦਿੱਲੀ, 1 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਦੇਸ਼ ਅਤੇ ਵਿਦੇਸ਼ ਵਿੱਚ ਨਵੇਂ ਈਸਵੀ ਸਾਲ ਦਾ ਆਗਮਨ ਇੱਕ ਵੱਡਾ ਮੌਕਾ ਬਣ ਗਿਆ ਹੈ। ਤਖ਼ਤ ਪਟਨਾ ਸਾਹਿਬ ਵਿੱਚ ਵੀ ਇੱਕ ਲੱਖ ਤੋਂ ਵੱਧ ਸ਼ਰਧਾਲੂ ਨਤਮਸਤਕ ਹੋਏ ਅਤੇ ਗੁਰੂ ਮਹਾਰਾਜ ਦਾ ਸ਼ੁਕਰਾਨਾ ਕਰਦੇ ਹੋਏ ਲੰਗਰ ਛਕਿਆ। ਇਸ ਸਬੰਧ ਵਿੱਚ ਹੋਰ ਜਾਣਕਾਰੀ ਦਿੰਦਿਆਂ ਤਖ਼ਤ ਪਟਨਾ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਅਤੇ ਜਨਰਲ ਸਕੱਤਰ ਸਰਦਾਰ ਇੰਦਰਜੀਤ ਸਿੰਘ ਨੇ ਦੱਸਿਆ ਕਿ ਨਵੇਂ ਈਸਵੀ ਸਾਲ ਦੇ ਆਗਮਨ ਨੂੰ ਧਿਆਨ ਵਿੱਚ ਰੱਖਦਿਆਂ ਤਖ਼ਤ ਪਟਨਾ ਸਾਹਿਬ ਕਮੇਟੀ ਵੱਲੋਂ ਸੰਗਤ ਦੇ ਸਹਿਯੋਗ ਨਾਲ ਵਿਸ਼ੇਸ਼ ਕੀਰਤਨ ਸਮਾਗਮ ਆਯੋਜਿਤ ਕੀਤੇ ਗਏ ਸਨ। ਇਹ ਸਮਾਗਮ ਸ਼ਾਮ ਤੋਂ ਸ਼ੁਰੂ ਹੋ ਕੇ ਰਾਤ 12:15 ਵਜੇ ਤੱਕ ਚੱਲਦੇ ਰਹੇ। ਇਸ ਦੌਰਾਨ ਰਾਗੀ ਸਿੰਘਾਂ ਦੇ ਜੱਥਿਆਂ ਨੇ ਗੁਰੂ ਦੀ ਇਲਾਹੀ ਬਾਣੀ ਨਾਲ ਸੰਗਤ ਨੂੰ ਨਿਹਾਲ ਕੀਤਾ। ਨਵੇਂ ਸਾਲ ਦੇ ਆਗਮਨ 'ਤੇ ਰਾਤ 12:15 ਵਜੇ ਭੋਗ ਪਾਏ ਗਏ ਅਤੇ ਅਰਦਾਸ ਤੋਂ ਬਾਅਦ ਸਮਾਪਤੀ ਹੋਈ। ਉਨ੍ਹਾਂ ਦੱਸਿਆ ਕਿ ਰਾਤ ਦੇ ਕਾਰਜਕ੍ਰਮਾਂ ਤੋਂ ਇਲਾਵਾ ਅੱਜ ਨਵੇਂ ਈਸਵੀ ਸਾਲ ਦੇ ਪਹਿਲੇ ਦਿਨ ਦਿਨ ਦੇ ਸਮੇਂ ਵੀ ਇੱਕ ਲੱਖ ਤੋਂ ਵੱਧ ਸ਼ਰਧਾਲੂ ਤਖ਼ਤ ਸਾਹਿਬ ਵਿੱਚ ਨਤਮਸਤਕ ਹੋਏ, ਮੱਥਾ ਟੇਕਿਆ ਅਤੇ ਲੰਗਰ ਵੀ ਛਕਿਆ। ਤਖ਼ਤ ਸਾਹਿਬ ਕਮੇਟੀ ਵੱਲੋਂ ਸੰਗਤ ਦੇ ਆਗਮਨ ਨੂੰ ਦੇਖਦੇ ਹੋਏ ਪੱਕੇ ਪ੍ਰਬੰਧ ਕੀਤੇ ਗਏ ਸਨ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਸੁਪਰਿੰਟੈਂਡੈਂਟ ਦਲਜੀਤ ਸਿੰਘ ਤੋਂ ਲੈ ਕੇ ਸਾਰੇ ਮੈਨੇਜਰਾਂ ਅਤੇ ਹੋਰ ਸਟਾਫ ਨੇ ਵਿਵਸਥਾ ਨੂੰ ਸੁਚਾਰੂ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਬਿਹਾਰ ਪੁਲਿਸ ਪ੍ਰਸ਼ਾਸਨ ਦਾ ਵੀ ਪੂਰਾ ਸਹਿਯੋਗ ਮਿਲਿਆ। ਸਰਦਾਰ ਜਗਜੋਤ ਸਿੰਘ ਸੋਹੀ, ਸਰਦਾਰ ਇੰਦਰਜੀਤ ਸਿੰਘ, ਲਖਵਿੰਦਰ ਸਿੰਘ, ਗੁਰਵਿੰਦਰ ਸਿੰਘ, ਹਰਬੰਸ ਸਿੰਘ ਸਮੇਤ ਸਾਰੇ ਮੈਂਬਰਾਂ ਨੇ ਅੰਗਰੇਜ਼ੀ ਨਵੇਂ ਈਸਵੀ ਸਾਲ ਦੀ ਸੰਗਤ ਨੂੰ ਵਧਾਈ ਦਿੱਤੀ।

# ਅੱਗਰਵਾਲ ਮੈਡੀਕਲ ਹਾਲ ਧੂਰੀ ਦਾ ਮਾਲਕ 8300 ਪਾਬੰਦੀਸ਼ੁਦਾ ਗੋਲੀਆਂ ਸਮੇਤ ਕਾਬੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਪੁਲਿਸ ਵੱਲੋ ਛੇੜੇ ਯੁੱਧ ਨਸ਼ਿਆਂ ਵਿਰੁੱਧ ਦੀ ਲੜੀ ਤਹਿਤ ਮਾਨਯੋਗ ਡੀ ਜੀ ਪੀ ਗੌਰਵ ਯਾਦਵ ਐਸ ਐਸ ਪੀ ਸਰਤਾਜ ਸਿੰਘ ਚਾਹਲ ਡੀ ਐਸ ਪੀ ਗੁਰਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ 8300ਪਾਬੰਧੀ ਸ਼ੁਦਾ ਗੋਲੀਆਂ ਫੜਨ ਵਿੱਚ ਸਫ਼ਲਤਾ ਹਾਸਿਲ ਕੀਤੀ ਹੈ ਪੱਤਰਕਾਰਾ ਨੂੰ ਜਾਣਕਾਰੀ ਦਿੰਦੇ ਡੀ ਐਸ ਪੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਗੁਪਤ ਸੂਚਨਾ ਦੇ ਆਧਾਰ ਤੇ ਐਸ ਐਚ ਓ ਸਿਟੀ ਜਸਵੀਰ ਸਿੰਘ ਤੂਰ ਦੀ ਟੀਮ ਨੇ 8300ਪਾਬੰਦੀ ਸ਼ੁਦਾ ਗੋਲੀਆਂ ਫੜਕੇ ਦੋ ਦੋਸ਼ੀਆਂ ਨੂੰ ਗਿਰਫ਼ਤਾਰ ਕੀਤਾ ਹੈ ਤਰਸੇਮ ਚੰਦ ਉਰਫ ਲਾਡੀ ਪੁੱਤਰ ਪਰਸ਼ੋਤਮ ਲਾਲ ਵਾਸੀ ਮਹੇਸ਼ ਨਗਰ ਅਤੇ ਉਸਦੇ ਨੋਕਰ ਰਤਨ ਲਾਲ ਪੁੱਤਰ ਰਮਾ ਕਾਂਤ ਵਾਸੀ ਸ਼ਿਵਪੁਰੀ ਮਹੱਲਾ ਦੇ ਖਿਲਾਫ ਮੁਕੱਦਮਾ ਨੰਬਰ 221ਮਿਤੀ 30-12-2025ਧਾਰਾ22 ਅਧੀਨ ਐਨ ਡੀ ਪੀ ਐਸ ਦਰਜ਼ ਕਰ ਮਾਮਲੇ ਦੀ ਪੜਤਾਲ ਕੀਤੀ ਜਾ ਰਹੀ ਹੈ । ਜ਼ਿਕਰਯੋਗ ਹੈ ਕਿ ਅੱਗਰਵਾਲ ਮੈਡੀਕਲ ਹਾਲ ਦਾ ਲਾਇਸੈਂਸ ਸੁਭਾਸ਼ ਕੁਮਾਰ ਨਾਮੀ ਵਿਅਕਤੀ ਦਾ ਜੋ ਗੰਦੇ ਨਾਲੇ ਉੱਪਰ ਵੀ ਇੱਕ ਆਪਣੀ ਡਾਕਟਰ ਦੀ ਦੁਕਾਨ ਚਲਾ ਰਿਹਾ ਹੈ ਨਾ ਹੀ ਅੱਗਰਵਾਲ ਮੈਡੀਕਲ ਹਾਲ ਦੇ ਮਾਲਕ ਤਰਸੇਮ ਚੰਦ ਲਾਡੀ ਨੂੰ ਉਸਨੇ ਆਪਣਾ ਲਾਇਸੈਂਸ ਕਿਰਾਏ ਤੇ ਦਿੱਤਾ ਹੋਇਆ ਸੀ ਉਸਤੋਂ ਵੀ ਗੰਭੀਰ ਗੱਲ ਇਹ ਹੈ ਕਿ ਤਰਸੇਮ ਚੰਦ ਲਾਡੀ ਬਿਲਕੁੱਲ ਅਣਪੜ੍ਹ ਹੈ ਅਤੇ ਪਿਛਲੇ ਲੰਬੇ ਸਮੇਂ ਤੋ ਦਵਾਈਆਂ ਦੀ ਦੁਕਾਨ ਦੇ ਨਾਲ ਨਾਲ ਐਕਸਰੇ ਕਰਨ ਵਾਲੀ ਮਸ਼ੀਨ ਵੀ ਬਿਨਾਂ ਰੇਡੀਉਗਾਫਰ ਤੋ ਚਲਾ ਲੋਕਾਂ ਨਾਲ ਸ਼ਰੇਆਮ ਧੋਖਾਧੜੀ ਕਰ ਰਿਹਾ ਸੀ ਇਹ ਇੱਕ ਉੱਚ ਪੱਧਰੀ ਜਾਂਚ ਦਾ ਵਿਸ਼ਾ ਹੈ।

# 42 ਪਰਿਵਾਰਾਂ ਨੂੰ ਘਰ ਬਨਾਉਣ ਲਈ 2.5 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇ ਸ੍ਰ ਈ.ਟੀ.ਓ ਵੱਲੋਂ ਪ੍ਰਵਾਨਗੀ ਪੱਤਰ ਵੰਡੇ



**ਜੰਡਿਆਲਾ ਗੁਰੂ, 1 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਅੱਜ ਦਫ਼ਤਰ ਜੰਡਿਆਲਾ ਗੁਰੂ ਵਿਖੇ ਸ ਹਰਭਜਨ ਸਿੰਘ ਈ.ਟੀ.ਓ ਕੈਬਨਿਟ ਮੰਤਰੀ ਪੰਜਾਬ ਵੱਲੋਂ 42 ਪਰਿਵਾਰਾਂ ਨੂੰ ਘਰ ਬਨਾਉਣ ਲਈ ਪ੍ਰਵਾਨਗੀ ਪੱਤਰ ਵੰਡੇ ਗਏ, ਜਿਸ ਤਹਿਤ ਹਰੇਕ ਪਰਿਵਾਰ ਨੂੰ 2.5 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇਗੀ। ਇਸ ਮੌਕੇ ਬੋਲਦਿਆਂ ਸ ਹਰਭਜਨ ਸਿੰਘ ਨੇ ਕਿਹਾ ਕਿ ਪਿਛਲੇ ਕੁਝ ਮਹੀਨਿਆਂ ਤੋਂ ਹਲਕੇ ਦੇ ਲੋਕਾਂ ਨੂੰ ਸਰਕਾਰ ਦੀ ਰਿਹਾਇਸ਼ ਯੋਜਨਾ ਬਾਰੇ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਲੋੜਵੰਦ ਪਰਿਵਾਰਾਂ ਨੂੰ ਆਪਣੇ ਘਰਾਂ ਲਈ ਪੱਕੀਆਂ ਛੱਤਾਂ ਬਨਾਉਣ ਲਈ ਸਹਾਇਤਾ ਰਾਸ਼ੀ ਦਿੱਤੀ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦਾ ਮੁੱਖ ਉਦੇਸ਼ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਲੋਕਾਂ ਦੇ ਅਧਿਕਾਰਾਂ ਨੂੰ ਉਤਸ਼ਾਹਿਤ ਕਰਨ ਵਾਲੀਆਂ ਨੀਤੀਆਂ ਰਾਹੀਂ ਸਸ਼ਕਤ ਬਣਾਉਣਾ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦੀ ਤਰਜੀਹ ਹਰ ਨਾਗਰਿਕ ਨੂੰ ਰਿਹਾਇਸ਼, ਸਿਹਤ, ਸਿੱਖਿਆ ਅਤੇ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦੇ ਲਾਭ ਹਰ ਯੋਗ ਘਰ ਤੱਕ ਪਹੁੰਚਣ ਲਈ ਯਤਨ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਅੱਜ ਰਿਹਾਇਸ਼ ਯੋਜਨਾ ਤਹਿਤ ਭੁਗਤਾਨ ਪੱਤਰ ਵੰਡੇ ਗਏ, ਜਿਸ ਨਾਲ ਸਥਾਈ ਘਰਾਂ ਦੀ ਉਸਾਰੀ ਨੂੰ ਪ੍ਰਵਾਨਗੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਸਥਾਈ ਘਰਾਂ ਦੀ ਉਸਾਰੀ ਲਈ ਹਰੇਕ ਪਰਿਵਾਰ ਨੂੰ ਕੁੱਲ 2.5 ਲੱਖ ਰੁਪਏ ਜਾਰੀ ਕੀਤੇ ਜਾਣਗੇ।ਸ ਹਰਭਜਨ ਸਿੰਘ ਨੇ ਕਿਹਾ ਕਿ ਮਾਨ ਸਰਕਾਰ ਦਾ ਟੀਚਾ ਨਾ ਸਿਰਫ਼ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਹੈ, ਸਗੋਂ ਲੋੜਵੰਦ ਪਰਿਵਾਰਾਂ ਨੂੰ ਸਨਮਾਨਜਨਕ ਜੀਵਨ ਪ੍ਰਦਾਨ ਕਰਨਾ ਵੀ ਹੈ। ਉਨ੍ਹਾਂ ਕਿਹਾ ਕਿ ਲੰਬਿਤ ਰਿਹਾਇਸ਼ ਯੋਜਨਾ ਦੇ ਮਾਮਲਿਆਂ ਨੂੰ ਜਲਦੀ ਹੱਲ ਕੀਤਾ ਜਾਵੇਗਾ ਅਤੇ ਇਸ ਯੋਜਨਾ ਦੇ ਲਾਭ ਵੱਧ ਤੋਂ ਵੱਧ ਲੋੜਵੰਦ ਪਰਿਵਾਰਾਂ ਤੱਕ ਪਹੁੰਚਾਏ ਜਾਣਗੇ।

# ਆਮ ਆਦਮੀ ਪਾਰਟੀ ਨੇ ਮਾਣਾ ਗਰੇਵਾਲ ਨੂੰ ਲਗਾਇਆ ਯੂਥ ਦਾ ਹਲਕਾ ਕੋਆਰਡੀਨੇਟਰ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕਾ ਧੂਰੀ ਵਿੱਚ ਨੌਜਵਾਨਾਂ ਨੂੰ ਆਮ ਆਦਮੀ ਪਾਰਟੀ ਵੱਲੋਂ ਵੱਡੀਆਂ ਜਿੰਮੇਵਾਰੀਆਂ ਦੇ ਕੇ ਨਿਵਾਜਿਆ ਜਾ ਰਿਹਾ ਹੈ। ਇਸੇ ਹੀ ਤਹਿਤ ਪਿਛਲੇ ਲੰਮੇ ਸਮੇਂ ਤੋਂ ਪਾਰਟੀ ਦੇ ਲਈ ਦਿਨ ਰਾਤ ਮਿਹਨਤ ਕਰਨ ਵਾਲੇ ਨੌਜਵਾਨ ਆਗੂ ਬਲਜੀਤ ਸਿੰਘ (ਮਾਣਾ ਗਰੇਵਾਲ )ਨੂੰ ਬਲਾਕ ਕੋਆਰਡੀਨੇਟਰ ਲਗਾਇਆ ਗਿਆ । ਇਸ ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਬਲਜੀਤ ਸਿੰਘ ( ਮਾਣਾ ਗਰੇਵਾਲ )ਨੇ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਉਹ ਆਪਣੇ ਦਿਲ ਦੀਆਂ ਗਹਿਰਾਈਆਂ ਚੋਂ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ, ਓਐਸਡੀ ਸੁਖਬੀਰ ਸਿੰਘ ਸੁੱਖੀ, ਓਐਸਡੀ ਰਾਜਵੀਰ ਸਿੰਘ ਅਤੇ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟਿੰਗ ਕਮੇਟੀ ਧੂਰੀ ਅਤੇ ਚੇਅਰਮੈਨ ਦਲਵੀਰ ਸਿੰਘ ਢਿੱਲੋ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਉਹਨਾਂ ਦੀ ਮਿਹਨਤ ਨੂੰ ਦੇਖਦਿਆਂ ਹੋਇਆਂ ਸੇਵਾ ਕਰਨ ਦਾ ਮੌਕਾ ਦਿੱਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅੰਮ੍ਰਿਤਪਾਲ ਸਿੰਘ ਮਹਿਰੋਂ ਦੁਬਈ ਦੇ ਸ਼ਾਰਜਾਹ ਤੋਂ ਸਥਾਨਕ ਅਧਿਕਾਰੀਆਂ ਵਲੋਂ ਕੀਤਾ ਗਿਆ ਗ੍ਰਿਫਤਾਰ

**ਨਵੀਂ ਦਿੱਲੀ 1 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬ ਵਿੱਚ ਬੀਤੇ ਸਮੇਂ ਚਰਚਾ ਵਿਚ ਰਹਿਣ ਵਾਲੇ ਅੰਮ੍ਰਿਤਪਾਲ ਸਿੰਘ ਮਹਿਰੋਂ ਨੂੰ ਸੰਯੁਕਤ ਅਰਬ ਅਮੀਰਾਤ ਵਿੱਚ ਸਥਾਨਕ ਅਧਿਕਾਰੀਆਂ ਵਲੋਂ ਗ੍ਰਿਫਤਾਰ ਕੀਤੇ ਜਾਣ ਦੀ ਜਾਣਕਾਰੀ ਸਾਹਮਣੇ ਆਈ ਹੈ । ਜਿਕਰਯੋਗ ਹੈ ਕਿ ਸੋਸ਼ਲ ਮੀਡੀਆ ਤੇ ਗੰਦੀਆਂ ਹਰਕਤਾਂ ਪਾਉਣ ਵਾਲੀ ਕਮਲ ਭਾਬੀ ਦਾ ਅੰਮ੍ਰਿਤਪਾਲ ਸਿੰਘ ਮਹਿਰੋਂ ਤੇ ਕਤਲ ਕਰਵਾਉਣ ਦਾ ਕੇਸ ਦਰਜ਼ ਹੋਇਆ ਸੀ ਪਰ ਅੰਮ੍ਰਿਤਪਾਲ ਸਿੰਘ ਮਹਿਰੋਂ ਇਹ ਘਟਨਾ ਵਾਪਰਨ ਤੋਂ ਤੁਰੰਤ ਬਾਅਦ ਦੇਸ਼ ਤੋਂ ਬਾਹਰ ਚਲਾ ਗਿਆ ਸੀ। ਜਿਸ ਤੋਂ ਬਾਅਦ ਪੰਜਾਬ ਪੁਲਿਸ ਅੰਮ੍ਰਿਤਪਾਲ ਸਿੰਘ ਮਹਿਰੋਂ ਨੂੰ ਫੜਨ ਲਈ ਲਗਾਤਾਰ ਕੋਸ਼ਿਸ਼ਾਂ ਕਰ ਰਹੀ ਸੀ। ਮਿਲੀ ਜਾਣਕਾਰੀ ਮੁਤਾਬਕ ਅੰਮ੍ਰਿਤਪਾਲ ਸਿੰਘ ਮਹਿਰੋਂ ਨੂੰ ਸੰਯੁਕਤ ਅਰਬ ਅਮੀਰਾਤ ਵਿੱਚ ਸਥਾਨਕ ਅਧਿਕਾਰੀਆਂ ਵੱਲੋਂ ਹਿਰਾਸਤ ਵਿੱਚ ਲਿਆਂਦੇ ਜਾਣ ਦੀ ਜਾਣਕਾਰੀ ਸਾਹਮਣੇ ਆਈ ਹੈ। ਸੂਤਰਾਂ ਮੁਤਾਬਕ ਸ਼ਾਰਜਾਹ ਪੁਲਿਸ ਨੇ ਅਚਨਚੇਤ ਕੀਤੀ ਗਈ ਕਾਰਵਾਈ ਦੌਰਾਨ ਮਹਿਰੋਂ ਨੂੰ ਵੀਜ਼ਾ ਦੀ ਜਾਂਚ ਪੜਤਾਲ ਦੌਰਾਨ ਗ੍ਰਿਫਤਾਰ ਕੀਤਾ। ਦੱਸਿਆ ਜਾ ਰਿਹਾ ਹੈ ਕਿ ਪੁੱਛਗਿੱਛ ਦੌਰਾਨ ਉਸਦੀ ਪਛਾਣ ਅਤੇ ਗਤੀਵਿਧੀਆਂ ਬਾਰੇ ਮਹੱਤਵਪੂਰਨ ਜਾਣਕਾਰੀ ਮਿਲੀ, ਜਿਸ ਤੋਂ ਬਾਅਦ ਅਧਿਕਾਰੀਆਂ ਨੇ ਉਸਨੂੰ ਹਿਰਾਸਤ ਵਿੱਚ ਰੱਖਣ ਦਾ ਫ਼ੈਸਲਾ ਲਿਆ। ਖ਼ਬਰਾਂ ਮੁਤਾਬਕ ਕਾਨੂੰਨੀ ਕਾਰਵਾਈ ਮਗਰੋਂ ਅੰਮ੍ਰਿਤਪਾਲ ਸਿੰਘ ਮਹਿਰੋਂ ਨੂੰ ਡਿਪੋਰਟ ਕੀਤਾ ਜਾ ਸਕਦਾ ਹੈ। ਇਥੇ ਦੱਸਣਯੋਗ ਹੈ ਕਿ ਬਠਿੰਡਾ ਜ਼ਿਲ੍ਹਾ ਅਦਾਲਤ ਨੇ ਡਿਜੀਟਲ ਕੰਟੈਂਟ ਕ੍ਰਿਏਟਰ ਕੰਚਨ ਕੁਮਾਰੀ ਉਰਫ਼ ਕੰਚਨ ਭਾਬੀ ਦੇ ਕਤਲ ਦੇ ਮਾਮਲੇ ਵਿੱਚ ਅੰਮ੍ਰਿਤਪਾਲ ਸਿੰਘ ਮਹਿਰੋਂ ਅਤੇ ਉਸ ਦੇ ਸਾਥੀ ਰਣਜੀਤ ਸਿੰਘ ਨੂੰ 30 ਦਿਨਾਂ ਦੇ ਅੰਦਰ ਅਦਾਲਤ ਵਿੱਚ ਪੇਸ਼ ਹੋ ਕੇ ਕਾਨੂੰਨੀ ਪ੍ਰਕਿਰਿਆ ਵਿੱਚ ਸ਼ਾਮਲ ਹੋਣ ਦਾ ਨੋਟਿਸ ਜਾਰੀ ਕੀਤਾ ਹੈ। ਅੰਮ੍ਰਿਤਪਾਲ ਸਿੰਘ ਮਹਿਰੋਂ ਦੇ ਸੰਯੁਕਤ ਅਰਬ ਅਮੀਰਾਤ ਵਿੱਚ ਛਿਪੇ ਹੋਣ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ, ਜਦਕਿ ਰਣਜੀਤ ਸਿੰਘ 'ਤੇ ਮਹਿਰੋਂ ਨੂੰ ਦੇਸ਼ ਤੋਂ ਫਰਾਰ ਕਰਾਉਣ ਵਿੱਚ ਮਦਦ ਕਰਨ ਦਾ ਇਲਜ਼ਾਮ ਹੈ। ਪੁਲਿਸ ਅਨੁਸਾਰ, ਕੰਚਨ ਕੁਮਾਰੀ ਦਾ 9 ਅਤੇ 10 ਜੂਨ ਦੀ ਰਾਤ ਨੂੰ ਕਥਿਤ ਤੌਰ 'ਤੇ ਅੰਮ੍ਰਿਤਪਾਲ ਸਿੰਘ ਮਹਿਰੋਂ ਅਤੇ ਉਸ ਦੇ ਦੋ ਨਿਹੰਗ ਸਾਥੀਆਂ ਜਸਪ੍ਰੀਤ ਸਿੰਘ ਅਤੇ ਨਿਮਰਤਜੀਤ ਸਿੰਘ ਵੱਲੋਂ ਗਲਾ ਘੁੱਟ ਕੇ ਕਤਲ ਕਰ ਦਿੱਤਾ ਗਿਆ ਸੀ। ਪੁਲਿਸ ਨੇ ਇਸ ਹੱਤਿਆਕਾਂਡ ਨੂੰ 'ਅਣਅਧਿਕਾਰਤ ਨੈਤਿਕ ਪੁਲਿਸਿੰਗ' ਦਾ ਮਾਮਲਾ ਦੱਸਿਆ ਹੈ।



# ਹਿਮਾਚਲ 'ਚ ਨਵੇਂ ਸਾਲ 'ਤੇ ਨਾਲਾਗੜ੍ਹ ਪੁਲਿਸ ਸਟੇਸ਼ਨ ਨੇੜੇ ਜ਼ਬਰਦਸਤ ਧਮਾਕਾ, ਨੇੜਲੀਆਂ ਇਮਾਰਤਾਂ ਦੇ ਟੁੱਟੇ ਸ਼ੀਸ਼ੇ



**ਨਾਲਾਗੜ੍ਹ (ਹਿ. ਪ੍ਰ.), 1 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੇ ਸੋਲਨ ਜ਼ਿਲ੍ਹੇ ਦੇ ਨਾਲਾਗੜ੍ਹ ਵਿੱਚ ਪੁਲਿਸ ਸਟੇਸ਼ਨ ਨੇੜੇ ਸਵੇਰੇ 9:45 ਵਜੇ ਇੱਕ ਜ਼ਬਰਦਸਤ ਧਮਾਕਾ ਹੋਇਆ ਹੈ। ਧਮਾਕੇ ਦੀ ਆਵਾਜ਼ ਕਈ ਕਿਲੋਮੀਟਰ ਤੱਕ ਸੁਣਾਈ ਦਿੱਤੀ। ਆਲੇ-ਦੁਆਲੇ ਦੀਆਂ ਇਮਾਰਤਾਂ ਦੇ ਸ਼ੀਸ਼ੇ ਟੁੱਟ ਗਏ। ਇਨ੍ਹਾਂ ਇਮਾਰਤਾਂ ਵਿੱਚ ਸੈਨਿਕ ਭਵਨ, ਪੁਲਿਸ ਸਟੇਸ਼ਨ ਅਤੇ ਮਾਰਕੀਟ ਕਮੇਟੀ ਦਫ਼ਤਰ ਸ਼ਾਮਲ ਸਨ। ਜਾਣਕਾਰੀ ਅਨੁਸਾਰ ਧਮਾਕੇ ਨਾਲ ਨੇੜੇ ਰਹਿਣ ਵਾਲੇ ਲੋਕਾਂ ਵਿੱਚ ਹੜਕੰਪ ਮਚ ਗਿਆ ਹੈ। ਧਮਾਕੇ ਦੀ ਸੂਚਨਾ ਮਿਲਦੇ ਹੀ ਐਸਪੀ ਬੱਦੀ ਵਿਨੋਦ ਧੀਮਾਨ ਅਤੇ ਹੋਰ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਜਾਂਚ ਸ਼ੁਰੂ ਕਰ ਦਿੱਤੀ। ਫੋਰੈਂਸਿਕ ਟੀਮ ਵੀ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ। ਫੋਰੈਂਸਿਕ ਟੀਮ ਘਟਨਾ ਸਥਾਨ ਤੋਂ ਸੈਂਪਲ ਇਕੱਠੇ ਕਰ ਰਹੀ ਹੈ। ਪੁਲਿਸ ਅਧਿਕਾਰੀ ਅਜੇ ਇਹ ਦੱਸਣ ਲਈ ਤਿਆਰ ਨਹੀਂ ਹਨ ਕਿ ਧਮਾਕਾ ਕਿਵੇਂ ਅਤੇ ਕਿਸ ਕਾਰਨ ਹੋਇਆ। ਪੁਲਿਸ ਨੇ ਆਲੇ-ਦੁਆਲੇ ਦੇ ਇਲਾਕੇ ਨੂੰ ਖਾਲੀ ਕਰਵਾ ਲਿਆ ਅਤੇ ਇਲਾਕੇ ਨੂੰ ਸੀਲ ਕਰ ਦਿੱਤਾ। ਇਹ ਧਮਾਕਾ ਉਸ ਸਮੇਂ ਹੋਇਆ ਜਦੋਂ ਹਜ਼ਾਰਾਂ ਸੈਲਾਨੀ ਨਵਾਂ ਸਾਲ ਮਨਾਉਣ ਲਈ ਸ਼ਿਮਲਾ ਪਹੁੰਚੇ ਸਨ। ਫਿਲਹਾਲ ਧਮਾਕੇ ਵਿੱਚ ਕਿਸੇ ਦੇ ਮਰਨ ਜਾਂ ਜ਼ਖਮੀ ਹੋਣ ਦੀ ਕੋਈ ਖ਼ਬਰ ਨਹੀਂ ਹੈ। ਪੁਲਿਸ ਜਲਦੀ ਹੀ ਘਟਨਾ ਬਾਰੇ ਵੇਰਵੇ ਦੇਣ ਲਈ ਇੱਕ ਪ੍ਰੈਸ ਕਾਨਫਰੰਸ ਕਰੇਗੀ, ਜਿਸ ਤੋਂ ਬਾਅਦ ਸਥਿਤੀ ਸਪੱਸ਼ਟ ਹੋ ਜਾਵੇਗੀ।

# ਪੰਜਾਬ 'ਚ ਕਈ ਥਾਂਵਾਂ 'ਤੇ ਹਲਕਾ ਮੀਂਹ, ਮੌਸਮ ਹੋਇਆ ਸਾਫ਼

**ਚੰਡੀਗੜ੍ਹ, 1 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਮੌਸਮ ਵਿਭਾਗ ਦੀ ਭਵਿੱਖਬਾਣੀ ਦੇ ਮੱਦੇਨਜ਼ਰ ਪੰਜਾਬ 'ਚ ਦੇਰ ਰਾਤ ਕਈ ਥਾਂਵਾਂ 'ਤੇ ਮੀਂਹ ਦੀਆਂ ਖ਼ਬਰਾਂ ਹਨ। ਰਾਜਪੁਰਾ ਅਤੇ ਮੋਹਾਲੀ ਵਿੱਚ 'ਚ ਨਵੇਂ ਸਾਲ ਦੀ ਸਵੇਰ ਦੀ ਸ਼ੁਰੂਆਤ ਹਲਕੇ ਮੀਂਹ ਨਾਲ ਹੋਈ। ਮੀਂਹ ਨਾਲ ਧੁੰਦ ਵਿੱਚ ਵੀ ਫ਼ਰਕ ਪਿਆ ਹੈ ਅਤੇ ਆਸਮਾਨ ਸਾਫ਼ ਹੋਇਆ ਹੈ। ਲੋਕਾਂ ਨੂੰ ਅੱਜ (ਵੀਰਵਾਰ) ਨਵੇਂ ਸਾਲ ਦੇ ਪਹਿਲੇ ਦਿਨ ਹਲਕੀ ਬਾਰਿਸ਼ ਅਤੇ ਸੀਤ ਲਹਿਰ ਦਾ ਸਾਹਮਣਾ ਕਰਨਾ ਪਵੇਗਾ। ਮੌਸਮ ਵਿਭਾਗ ਨੇ ਇਸ ਸਬੰਧ ਵਿੱਚ ਆਰੇਂਜ ਚੇਤਾਵਨੀ ਜਾਰੀ ਕੀਤਾ ਹੈ। ਹਾਲਾਂਕਿ, ਘੱਟੋ-ਘੱਟ ਅਤੇ ਵੱਧ ਤੋਂ ਵੱਧ ਤਾਪਮਾਨ ਵਿੱਚ 0.2 ਡਿਗਰੀ ਦਾ ਵਾਧਾ ਹੋਇਆ, ਜਦਕਿ ਗੁਰਦਾਸਪੁਰ 5.2 ਡਿਗਰੀ ਤਾਪਮਾਨ ਨਾਲ ਸਭ ਤੋਂ ਠੰਡਾ ਰਿਹਾ। ਸਮ ਵਿਗਿਆਨੀਆਂ ਨੇ ਨਵੇਂ ਸਾਲ ਦੀ ਆਮਦ 'ਤੇ 1 ਜਨਵਰੀ ਨੂੰ ਸੂਬੇ ਵਿੱਚ ਕਈ ਥਾਵਾਂ 'ਤੇ ਹਲਕਾ ਮੀਂਹ ਪੈਣ ਅਤੇ ਜ਼ਿਆਦਾਤਰ ਥਾਵਾਂ 'ਤੇ ਸੰਘਣੀ ਧੁੰਦ ਤੇ ਸੀਤ ਲਹਿਰ ਚੱਲਣ ਦੀ ਪੇਸ਼ੀਨਗੋਈ ਕੀਤੀ ਹੈ। ਤਿੰਨ ਜਨਵਰੀ ਤੱਕ ਔਰੇਂਜ ਅਤੇ 4 ਤੋਂ 6 ਜਨਵਰੀ ਤੱਕ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਪਿਛਲੇ 24 ਘੰਟਿਆਂ ਦੌਰਾਨ ਅੰਮ੍ਰਿਤਸਰ ਅਤੇ ਚੰਡੀਗੜ੍ਹ ਵਿੱਚ ਦ੍ਰਿਸ਼ਟੀ ਜ਼ੀਰੋ, ਲੁਧਿਆਣਾ ਵਿੱਚ 10 ਮੀਟਰ, ਪਟਿਆਲਾ ਵਿੱਚ 20 ਮੀਟਰ ਅਤੇ ਹਲਵਾਰਾ, ਗੁਰਦਾਸਪੁਰ, ਪਠਾਨਕੋਟ, ਬਠਿੰਡਾ ਵਿੱਚ 50 ਮੀਟਰ ਤੋਂ ਘੱਟ ਰਹੀ। ਇਸ ਨਾਲ ਹਵਾਈ ਅਤੇ ਰੇਲ ਆਵਾਜਾਈ ਪ੍ਰਭਾਵਿਤ ਹੋਈ ਹੈ।



**ਇਨ੍ਹਾਂ ਜ਼ਿਲ੍ਹਿਆਂ 'ਚ ਹੋ ਸਕਦੀ ਹੈ ਬਾਰਿਸ਼**

ਮੌਸਮ ਵਿਭਾਗ ਦੇ ਅਨੁਸਾਰ, ਉੱਤਰੀ ਪਾਕਿਸਤਾਨ ਅਤੇ ਅਫਗਾਨਿਸਤਾਨ ਦੇ ਉੱਪਰਲੇ ਵਾਯੂਮੰਡਲ ਵਿੱਚ ਇਸ ਸਮੇਂ ਇੱਕ ਪੱਛਮੀ ਗੜਬੜੀ ਸਰਗਰਮ ਹੈ। ਮੱਧ ਅਸਮਾਨ ਵਿੱਚ ਇੱਕ ਲੰਮਾ ਏਅਰ ਬੈਂਡ ਬਣ ਗਿਆ ਹੈ, ਜਿਸ ਕਾਰਨ ਮੌਸਮ ਵਿੱਚ ਤਬਦੀਲੀ ਆਉਣ ਦੀ ਸੰਭਾਵਨਾ ਹੈ। ਦੱਖਣੀ ਪੰਜਾਬ ਅਤੇ ਆਲੇ ਦੁਆਲੇ ਦੇ ਖੇਤਰਾਂ ਵਿੱਚ ਉੱਚਾਈ 'ਤੇ ਤੇਜ਼ ਹਵਾਵਾਂ ਚੱਲ ਰਹੀਆਂ ਹਨ। ਲੁਧਿਆਣਾ, ਫਤਿਹਗੜ੍ਹ ਸਾਹਿਬ, ਰੂਪਨਗਰ, ਪਟਿਆਲਾ ਅਤੇ ਐਸਏਐਸ ਨਗਰ (ਮੋਹਾਲੀ) ਵਿੱਚ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਤਰਨਤਾਰਨ, ਫਰੀਦਕੋਟ, ਮੋਗਾ, ਬਠਿੰਡਾ, ਬਰਨਾਲਾ, ਮਾਨਸਾ ਅਤੇ ਸੰਗਰੂਰ ਵਿੱਚ ਵੀ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਹੈ।

## ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਨਵੇਂ ਸਾਲ ਨੂੰ ਸਮਰਪਿਤ "ਅਰਦਾਸ ਦਿਵਸ ਸਮਾਗਮ"

# ਨਵੇਂ ਸਾਲ ਦੀ ਜੰਤਰੀ ਅਤੇ ਕੈਲੰਡਰ ਕੀਤਾ ਗਿਆ ਲੋਕ ਅਰਪਿਤ



**ਚੌਕ ਮਹਿਤਾ, 1 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਤਿਹਾਸਕ ਨਗਰ ਬਾਬਾ ਬਕਾਲਾ ਸਾਹਿਬ ਵਿਖੇ ਪਿਛਲੇ 40 ਸਾਲਾਂ ਤੋਂ ਨਿਰੰਤਰ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁੱਟੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਅਤੇ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ, 2025 ਨੂੰ ਅਲਵਿਦਾ ਕਹਿੰਦਿਆਂ ਅਤੇ ਨਵੇਂ ਵਰ੍ਹੇ 2026 ਨੂੰ ਜੀ ਆਇਆਂ ਕਹਿਣ ਲਈ, "ਅਰਦਾਸ ਦਿਵਸ ਸਮਾਗਮ" ਅੱਜ ਇਤਿਹਾਸਕ ਗੁ: ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ । ਇਸ ਮੌਕੇ ਦੀਵਾਨ ਹਾਲ ਵਿੱਚ ਹੈੱਡਗ੍ਰੰਥੀ ਗਿਆਨੀ ਹਰਦੇਵ ਸਿੰਘ ਨੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਾਹਿਬ ਦੇ 41ਵੇਂ ਸਾਲ ਵਿੱਚ ਪ੍ਰਵੇਸ਼ ਕਰਨ ਦੀ ਖੁਸ਼ੀ ਵਿੱਚ, ਨਵੇਂ ਸਾਲ ਵਿੱਚ ਨਵੇਂ ਪ੍ਰੋਗਰਾਮ ਉਲੀਕਣ ਲਈ ਅਤੇ ਸਰੱਬਤ ਦੇ ਭਲੇ ਲਈ ਗੁਰੂ ਚਰਨਾਂ ਵਿੱਚ ਅਰਦਾਸ ਕੀਤੀ । ਇਸ ਮੌਕੇ ਸਭਾ ਵੱਲੋਂ ਸਮੁੱਚੇ ਤੌਰ 'ਤੇ "ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ" ਦੇ ਮਹਾਂਵਾਕ ਅਨੁਸਾਰ ਆਉਂਦੇ ਵਰ੍ਹੇ ਵਿੱਚ ਆਪਣੇ ਚੁਫੇਰੇ ਨੂੰ ਸਾਫ ਸੁਥਰਾ, ਹਰਿਆ ਭਰਿਆ ਰੱਖਣ, ਰੁੱਖ ਲਾਉਣ, ਪਾਣੀ ਦੀ ਹੋ ਰਹੀ ਬਰਬਾਦੀ ਨੂੰ ਰੋਕਣ, ਜਲ ਸਰੋਤਾਂ ਦੀ ਸ਼ੁੱਧਤਾ ਨੂੰ ਕਾਇਮ ਰੱਖਣ ਦਾ ਪ੍ਰਣ ਕੀਤਾ ਗਿਆ । ਇਸ ਮੌਕੇ ਗੁ: ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਦੇ ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ ਅਤੇ ਮੀਤ ਮੈਨੇਜਰ ਭਾਈ ਸ਼ੇਰ ਸਿੰਘ ਨੇ ਪੰਜਾਬੀ ਸਾਹਿਤ ਸਭਾ, ਬਾਬਾ ਬਕਾਲਾ ਸਾਹਿਬ ਵੱਲੋਂ ਲਗਾਤਾਰ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲ਼ਾਘਾ ਕੀਤੀ ਅਤੇ ਸਭਾ ਵੱਲੋਂ ਪ੍ਰਕਾਸ਼ਿਤ ਆਨ ਲਾਇਨ ਮੈਗਜ਼ੀਨ "ਕੌਮੀ ਸਵਤੰਤਰ" ਕਾਵਿ ਸਾਂਝਾਂ ਵੱਲੋਂ ਪ੍ਰਕਾਸ਼ਿਤ ਨਵੇਂ ਸਾਲ ਦੀ ਜੰਤਰੀ ਅਤੇ ਕੈਲੰਡਰ ਵੀ ਲੋਕ ਅਰਪਿਤ ਕੀਤਾ । ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਸੁਖਦੇਵ ਸਿੰਘ ਭੁੱਲਰ ਸਾ: ਸੀਨੀਅਰ ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ, ਮੱਖਣ ਸਿੰਘ ਭੈਣੀਵਾਲਾ ਸਾ: ਬੀ.ਈ.ਈ.ਓ., ਡਾ: ਕੁਲਵੰਤ ਸਿੰਘ ਬਾਠ ਸਾ: ਵੈਟਰਨਰੀ ਅਫਸਰ, ਪੰਜਾਬੀ ਸਾਹਿਤ ਸਭਾ (ਮਹਿਲਾ ਵਿੰਗ) ਦੇ ਪ੍ਰਧਾਨ ਮੈਡਮ ਸੁਖਵੰਤ ਕੌਰ ਵੱਸੀ, ਗੁਰਮੀਤ ਕੌਰ ਬੱਲ, ਸੁਰਿੰਦਰ ਕੌਰ ਖਿਲਚੀਆਂ, ਸਿਮਰਨਜੀਤ ਕੌਰ ਮਾਹਲਾ, ਬਖਤੌਰ ਧਾਲੀਵਾਲ, ਨਵਦੀਪ ਸਿੰਘ ਬਦੇਸ਼ਾ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਮਾ: ਲਖਵਿੰਦਰ ਸਿੰਘ ਮਾਨ, ਸਰਬਜੀਤ ਸਿੰਘ ਪੱਡਾ, ਲਖਵਿੰਦਰ ਸਿੰਘ ਉੱਪਲ, ਬਲਵਿੰਦਰ ਸਿੰਘ ਅਠੌਲਾ, ਮਾ: ਮਨਜੀਤ ਸਿੰਘ ਕੰਬੋ, ਸਕੱਤਰ ਸਿੰਘ ਪੁਰੇਵਾਲ, ਅਜੀਤ ਸਿੰਘ ਸਠਿਆਲਾ ਅਤੇ ਹੋਰ ਕਵੀਜਨਾਂ ਨੇ ਹਿੱਸਾ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਵਾਤਾਵਰਣ ਦੀ ਸ਼ੁੱਧਤਾ ਅਤੇ ਪਾਣੀ ਦੀ ਬਰਬਾਦੀ ਨੂੰ ਰੋਕਣ ਲਈ ਕੀਤਾ ਗਿਆ ਪ੍ਰਣ

# ਕੇਂਦਰ ਸਰਕਾਰ ਵਲੋਂ ਮਨਰੇਗਾ ਯੋਜਨਾ 'ਚ ਤਬਦੀਲੀ ਕਰਨਾ ਗਰੀਬਾਂ ਦੇ ਰੁਜ਼ਗਾਰ 'ਤੇ ਡਾਕਾ-ਪੰਮਾ ਬਾਠ

**ਧੂਰੀ ( ਰਣਜੀਤ ਸਿੰਘ ਪੇਧਨੀ )**-ਕੇਂਦਰ ਸਰਕਾਰ ਵਲੋਂ ਮਨਰੇਗਾ ਯੋਜਨਾ ਚ ਜੋ ਤਬਦੀਲੀਆਂ ਕੀਤੀਆਂ ਜਾ ਰਹੀਆਂ ਹਨ ਉਨ੍ਹਾਂ ਨੂੰ ਤੁਰੰਤ ਵਾਪਸ ਲਿਆ ਜਾਵੇ ਕਿਉਂਕਿ ਇਹ ਮਜ਼ਦੂਰ ਵਿਰੋਧੀ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਹਨਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਮਨਰੇਗਾ ਐਕਟ ਚ ਤਬਦੀਲੀ ਕਰਨ ਦੇ ਨਾਮ ਤੇ ਗਰੀਬ ਲੋਕਾਂ ਦੇ ਰੁਜ਼ਗਾਰ ਤੇ ਡਾਕਾ ਮਾਰਨ ਦੀ ਕੀਤੀ ਕੋਸ਼ਿਸ਼ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕੇਂਦਰ ਸਰਕਾਰ ਨੇ ਮਨਰੇਗਾ ਸਕੀਮ ਦਾ ਨਾਮ ਬਦਲ ਕੇ ਵਿਕਸਤ ਭਾਰਤ ਰੁਜ਼ਗਾਰ ਗਾਰੰਟੀ ਸਕੀਮ 2025 ਕਰਕੇ ਇਸ ਸਕੀਮ ਦੇ ਮੂਲ ਉਦੇਸ਼ ਪੇਂਡੂ ਖੇਤਰਾਂ ਚ 100 ਦਿਨ ਰੁਜ਼ਗਾਰ ਦੀ ਗਰੰਟੀ ਨੂੰ ਵੀ ਬਦਲਣਾ ਚਾਹੁੰਦੀ ਹੈ ਕਿਉਂਕਿ ਪਹਿਲ ਕਾਨੂੰਨ ਤਹਿਤ ਲੋਕ ਰੁਜ਼ਗਾਰ ਦੀ ਮੰਗ ਆਪ ਕਰ ਸਕਦੇ ਸਨ ਪਰ ਹੁਣ ਸਰਕਾਰ ਤੈਅ ਕਰੇਗੀ ਕਿ ਲੋਕਾਂ ਨੂੰ ਕੰਮ ਦੇਣਾ ਹੈ ਜਾਂ ਨਹੀਂ ਤੇ ਇਸ ਤੋਂ ਇਲਾਵਾ ਪੰਚਾਇਤਾਂ ਨੂੰ ਵੀ ਇਸ ਯੋਜਨਾ ਚੋਂ ਬਾਹਰ ਕੱਢਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਮਜ਼ਦੂਰਾਂ ਤੋ 8 ਘੰਟੇ ਦੀ ਬਜਾਏ 12 ਘੰਟੇ ਕੰਮ ਲਿਆ ਜਾਵੇਗਾ। ਉਹਨਾਂ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਕੇਂਦਰ ਦੀ ਇਸ ਨੀਤੀ ਨੂੰ ਕਾਮਯਾਬ ਨਹੀਂ ਹੋਣ ਦੇਵੇਗਾ ਅਸੀਂ ਸਾਰੇ ਇਸ ਦਾ ਡੱਟ ਕੇ ਵਿਰੋਧ ਕਰਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV



## ਗ਼ਜ਼ਲ



ਹੁਣ ਤੱਕ ਸਾਰੇ ਨਿੱਕਲ ਗਏ, ਭੁਲੇਖੇ ਜਿੰਦਗੀ ਦੇ।
ਚੰਗੇ-ਮਾੜੇ ਦਿਨ ਜਦੋਂ ਦੇ, ਵੇਖੇ ਜਿੰਦਗੀ ਨੇ।

2025 ਵੀ ਬਹੁਤ ਸਾਰੀਆਂ, ਯਾਦਾਂ ਛੱਡ ਗਿਆ,
ਪਰ ਗੁਜ਼ਰੇ ਪਲ ਵੀ ਕਦੇ ਨਾ ਮਨ 'ਚ ਛੇਕੇ ਜਿੰਦਗੀ ਨੇ।

ਜੋ ਚੜ੍ਹਿਆ ਉਹ ਚੰਗਾ ਸੀ, ਸ਼ੁਕਰਾਂ ਨਾਲ ਬੀਤ ਗਿਆ,
ਪਰ ਮੈਂ ਤਾਂ ਆਪਣੇ ਵੱਲੋਂ ਲਾ ਤੇ, ਲੇਖੇ ਜਿੰਦਗੀ ਦੇ।

ਮਿਹਨਤ ਦਾ ਫਲ਼ ਮਿਲਦਾ ਰਿਹਾ, ਹਰ ਪਲ ਸੁੱਖ ਦਾ ਗੁਜ਼ਰ ਰਿਹਾ,
ਭਾਵੇ ਗਰਮੀ-ਸਰਦੀ ਹੱਡ ਬੜੇ ਸੀ, ਛੇਕੇ ਜਿੰਦਗੀ ਨੇ।

ਬੇਬੇ-ਬਾਪੂ , ਭੈਣ-ਭਰਾ ਸਭ, ਬੜੀਆਂ ਮੱਤਾਂ ਦਿੰਦੇ ਰਹੇ,
ਉਹਨਾਂ ਕਦਰਦਾਨਾਂ ਨੂੰ ਨਿਉਂ-ਨਿਉਂ ਮੱਥੇ ਟੇਕੇ ਜਿੰਦਗੀ ਨੇ।

ਕੋਸ਼ਿਸ਼ ਹੈ ਕਿ ਪੂਰਾ ਉੱਤਰਾਂ, ਥੋਡੀਆਂ ਸਭ ਦੀਆਂ ਆਸਾਂ ਤੇ,
ਸਦਾ ਦਿਲ ਤੋਂ ਹੈ ਸਤਿਕਾਰੇ, ਸਹੁਰੇ-ਪੇਕੇ ਜਿੰਦਗੀ ਨੇ ।

**-ਬੂਟਾ ਸੁਨਾਮੀ, ਕੋਟ ਬਖਤੂ (ਬਠਿੰਡਾ)**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243